SWITCH INSURANCE
AUTO, HOME & COMMERCIAL
Auto&Home Insurance
Commercial Vehicle Insurance
Commercial Property Insurance
Commercial General Liability (CGL)
Rental Property
Call:905-965-7474
7900 Hurontario St., Suite 308, Brampton, ON, L6Y 0P6
https://www.switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
Immigration
Real Estate
Commercial Law
Affidavit
Power of Attorney
Rakesh M. Joshi
B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 10 | Monday, January 16, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਅਮਰੀਕਾ-ਬ੍ਰਿਟੇਨ ਤੇ ਆਸਟਰੇਲੀਆ ਦਰਮਿਆਨ ਹੋਏ ਸਕਿਊਰਿਟੀ ਸਮਝੌਤੇ ਵਿੱਚ ਕੈਨੇਡਾ ਦੇ ਸ਼ਾਮਲ ਨਾ ਹੋਣ ਉੱਤੇ ਮਿਲਟਰੀ ਚਿੰਤਤ



ਓਟਵਾ, 15 ਜਨਵਰੀ (ਪੋਸਟ ਬਿਊਰੋ) : ਕੈਨੇਡੀਅਨ ਹਥਿਆਰਬੰਦ ਸੈਨਾਵਾਂ ਦੀਆਂ ਉੱਪਰਲੀਆ ਸਫਾਂ ਵਿੱਚ ਇਸ ਗੱਲ ਨੂੰ ਲੈ ਕੇ ਚਿੰਤਾ ਪਾਈ ਜਾ ਰਹੀ ਹੈ ਕਿ ਆਪਣੇ ਭਾਈਵਾਲਾਂ ਵਾਂਗ ਦੇਸ਼ ਨੂੰ ਸ਼ਾਇਦ ਉਸ ਅਤਿ ਆਧੁਨਿਕ ਮਿਲਟਰੀ ਟੈਕਨਾਲੋਜੀ ਤੱਕ ਪਹੁੰਚ ਨਾ ਹੋਵੇ ਜਿਸ ਦੀ ਅੱਜ ਦੇ ਦੌਰ ਵਿੱਚ ਕਾਫੀ ਲੋੜ ਹੈ। ਅਜਿਹਾ ਇਸ ਲਈ ਕਿਉਂਕਿ ਆਸਟਰੇਲੀਆ, ਬ੍ਰਿਟੇਨ ਤੇ ਅਮਰੀਕਾ ਦਰਮਿਆਨ ਹੋਏ ਸਕਿਊਰਿਟੀ ਸਮਝੌਤੇ ਦਾ ਕੈਨੇਡਾ ਹਿੱਸਾ ਨਹੀਂ ਹੈ।

ਇਹ ਤਿਪੱਖੀ ਸਮਝੌਤਾ ਸਤੰਬਰ 2021 ਵਿੱਚ ਇਨ੍ਹਾਂ ਤਿੰਨਾਂ ਮੁਲਕਾਂ ਵਿੱਚ ਹੋਇਆ ਸੀ ਤੇ ਇਸ ਨੂੰ ਆਕੁਸ ਵਜੋਂ ਵੀ ਜਾਣਿਆ ਜਾਂਦਾ ਹੈ। ਇਹ ਵੀ ਮੰਨਿਆਂ ਜਾਂਦਾ ਹੈ ਕਿ ਇਹ ਸਮਝੌਤਾ ਅਸਲ ਵਿੱਚ ਇੰਡੋ-ਪੈਸੇਫਿਕ ਰੀਜਨ ਵਿੱਚ ਚੀਨ ਦੇ ਵੱਧ ਰਹੇ ਫੌਜੀ ਦਬਦਬੇ ਨਾਲ ਨਜਿੱਠਣ ਲਈ ਕੀਤਾ ਗਿਆ ਸੀ। ਇੰਡੋ-ਪੈਸੇਫਿਕ ਰੀਜਨ ਵਿੱਚ ਕੈਨੇਡਾ ਦੇ ਆਰਥਿਕ ਤੇ ਸਕਿਊਰਿਟੀ ਹਿਤ ਲੁਕੇ ਹੋਏ ਹਨ। ਹਾਲਾਂਕਿ ਇਸ ਸਮਝੌਤੇ ਦਾ ਕੇਂਦਰ ਅਮਰੀਕਾ ਤੇ ਬ੍ਰਿਟੇਨ ਵੱਲੋਂ ਆਸਟਰੇਲੀਆ ਨੂੰ ਨਿਊਕਲੀਅਰ ਸਬਮਰੀਨ ਤਕਨਾਲੋਜੀ ਮੁਹੱਈਆ ਕਰਵਾਉਣਾ ਦਰਸਾਇਆ ਗਿਆ ਹੈ। ਪਰ ਵਾਈਸ ਐਡਮਿਰਲ ਬੌਬ ਆਚਟੈਰਲੋਨੀ ਨੇ ਇੱਕ ਤਾਜ਼ਾ ਇੰਟਰਵਿਊ ਵਿੱਚ ਮੀਡੀਆ ਨੂੰ ਦੱਸਿਆ ਕਿ ਜੋ ਨਜ਼ਰ ਆਉਂਦਾ ਹੈ ਉਸ ਨਾਲੋਂ ਇਹ ਸਮਝੌਤਾ ਕਿਤੇ ਜ਼ਿਆਦਾ ਹੈ।

ਆਚਟੈਰਲੋਨੀ ਕੈਨੇਡੀਅਨ ਜੁਆਇੰਟ ਆਪਰੇਸ਼ਨਜ਼ ਕਮਾਂਡ ਦੇ ਕਮਾਂਡਰ ਹਨ। ਇਸ ਭੂਮਿਕਾ ਤਹਿਤ ਉਨ੍ਹਾਂ ਨੂੰ ਘਰੇਲੂ ਪੱਧਰ ਉੱਤੇ ਤੇ ਵਿਦੇਸ਼ਾਂ ਵਿੱਚ ਕੈਨੇਡਾ ਤੇ ਇਸ ਦੀਆਂ ਹਥਿਆਰਬੰਦ ਸੈਨਾਵਾਂ ਨੂੰ ਦਰਪੇਸ਼ ਕਿਸੇ ਵੀ ਤਰ੍ਹਾਂ ਦੇ ਖਤਰੇ ਉੱਤੇ ਬਾਰੀਕੀ ਨਾਲ ਨਜ਼ਰ ਰੱਖਣ ਦੀ ਜ਼ਿੰਮੇਵਾਰੀ ਮਿਲੀ ਹੋਈ ਹੈ। ਉਨ੍ਹਾਂ ਆਖਿਆ ਕਿ ਇਹ ਤਕਨਾਲੋਜੀ ਕੁੱਝ ਸਮੇਂ ਤੋਂ ਹੋਂਦ ਵਿੱਚ ਹੈ ਤੇ ਇਸ ਨੂੰ ਸ਼ੇਅਰ ਕਰਨਾ ਕੋਈ ਵੱਡੀ ਗੱਲ ਨਹੀਂ ਹੈ। ਪਰ ਗੱਲ ਜਦੋਂ ਅਡਵਾਂਸ ਤਕਨਾਲੋਜੀ ਦੀ ਆਉਂਦੀ ਹੈ ਤਾਂ ਆਰਟੀਫਿਸ਼ਲ ਇੰਟੈਲੀਜੈਂਸ ਦੇ ਖੇਤਰ ਨਾਲ ਕਈ ਤਰ੍ਹਾਂ ਦੀਆਂ ਹੋਰ ਗੱਲਾਂ ਵੀ ਜੁੜੀਆਂ ਹੋਈਆਂ ਹਨ ਜਿਵੇਂ ਡੋਮੇਨ, ਮਸ਼ੀਨ ਲਰਨਿੰਗ, ਕੁਆਂਟਮ ਤੇ ਇਨ੍ਹਾਂ ਵਿੱਚ ਮਾਹਿਰ ਹੋਣਾ ਸਮੇਂ ਦੀ ਲੋੜ ਹੈ। ਅਸੀਂ ਵੀ ਇਸ ਤਰ੍ਹਾਂ ਦੀ ਗੱਲਬਾਤ ਦਾ ਹਿੱਸਾ ਬਣਨਾ ਚਾਹੁੰਦੇ ਹਾਂ। ਉਨ੍ਹਾਂ ਆਖਿਆ ਕਿ ਚਿੰਤਾ ਦਾ ਵਿਸ਼ਾ ਇਹ ਹੈ ਕਿ ਸਾਨੂੰ ਇਸ ਵਿੱਚ ਸ਼ਾਮਲ ਕਿਉਂ ਨਹੀਂ ਕੀਤਾ ਗਿਆ? ਕੀ ਅਸੀਂ ਇਸ ਵਿੱਚ ਸ਼ਾਮਲ ਨਹੀਂ ਹੋਣਾ ਚਾਹੁੰਦੇ? ਕੀ ਨੀਤੀਗਤ ਪਾਬੰਦੀਆਂ ਕਾਰਨ ਅਸੀਂ ਇਸ ਤੋਂ ਪਾਸੇ ਹਾਂ? ਜਾਂ ਫਿਰ ਅਸੀਂ ਇਸ ਵਿੱਚ ਨਿਵੇਸ਼ ਨਹੀਂ ਕਰਨਾ ਚਾਹੁੰਦੇ।

ਇਨ੍ਹਾਂ ਸਵਾਲਾਂ ਦਾ ਫੈਡਰਲ ਸਰਕਾਰ ਵੱਲੋਂ ਵੀ ਕੋਈ ਜਵਾਬ ਨਹੀਂ ਦਿੱਤਾ ਜਾ ਰਿਹਾ ਕਿ ਕੈਨੇਡਾ ਆਕੁਸ ਦਾ ਹਿੱਸਾ ਕਿਉਂ ਨਹੀਂ ਹੈ। ਪਿਛਲੇ ਹਫਤੇ ਜਦੋਂ ਰੱਖਿਆ ਮੰਤਰੀ ਅਨੀਤਾ ਆਨੰਦ ਦੇ ਆਫਿਸ ਨੂੰ ਇਸ ਬਾਰੇ ਸਵਾਲ ਪੁੱਛਿਆ ਗਿਆ ਤਾਂ ਉਨ੍ਹਾਂ ਵੱਲੋਂ ਜਵਾਬ ਦੇਣ ਤੋਂ ਟਾਲਾ ਵੱਟ ਲਿਆ ਗਿਆ।

## ਓਨਟਾਰੀਓ ਦੇ 28ਵੇਂ ਲੈਫਟੀਨੈਂਟ ਗਵਰਨਰ ਡੇਵਿਡ ਓਨਲੇ ਨਹੀਂ ਰਹੇ



ਓਨਟਾਰੀਓ, 15 ਜਨਵਰੀ (ਪੋਸਟ ਬਿਊਰੋ) : ਓਨਟਾਰੀਓ ਦੇ 28ਵੇਂ ਲੈਫਟੀਨੈਂਟ ਗਵਰਨਰ ਡੇਵਿਡ ਓਨਲੇ ਨਹੀਂ ਰਹੇ। 72 ਸਾਲ ਦੀ ਉਮਰ ਵਿੱਚ ਉਹ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗਏ।

ਸ਼ਨਿੱਚਰਵਾਰ ਰਾਤ ਨੂੰ ਜਾਰੀ ਕੀਤੇ ਗਏ ਇੱਕ ਬਿਆਨ ਵਿੱਚ ਲੈਫਟੀਨੈਂਟ ਗਵਰਨਰ ਐਲਿਜ਼ਾਬੈੱਥ ਡਾਊਡਸਵੈੱਲ ਨੇ ਆਖਿਆ ਕਿ ਓਨਲੇ ਨੇ ਓਨਟਾਰੀਓ ਦੇ 28ਵੇਂ ਲੈਫਟੀਨੈਂਟ ਗਵਰਨਰ ਦੀ ਭੂਮਿਕਾ ਬਾਖੂਬੀ ਨਿਭਾਈ। ਉਹ ਬਹੁਤ ਹੀ ਨੇਕ ਇਨਸਾਨ ਤੇ ਵਧੀਆ ਕੁਲੀਗ ਸਨ। ਉਨ੍ਹਾਂ ਆਖਿਆ ਕਿ ਜਦੋਂ 2014 ਵਿੱਚ ਉਹ ਆਪ ਲੈਫਟੀਨੈਂਟ ਗਵਰਨਰ ਨਿਯੁਕਤ ਹੋਈ ਤਾਂ ਓਨਲੇ ਨੇ ਉਨ੍ਹਾਂ ਨੂੰ ਹਰ ਮਾਮਲੇ ਵਿੱਚ ਬਿਹਤਰੀਨ ਸਲਾਹ ਦਿੱਤੀ।

ਦੋ ਦਹਾਕੇ ਤੱਕ ਓਨਲੇ ਨੇ ਸਿਟੀ ਟੀਵੀ ਵਿੱਚ ਕੰਮ ਕੀਤਾ। ਸੱਭ ਤੋਂ ਪਹਿਲਾਂ 1984 ਵਿੱਚ ਉਹ ਵੈਦਰ ਸਪੈਸ਼ਲਿਸਟ ਵੱਜੋਂ ਟੀਵੀ ਦੀ ਦੁਨੀਆ ਵਿੱਚ ਆਏ। ਫਿਰ 1989 ਵਿੱਚ ਉਹ ਪਹਿਲੇ ਬ੍ਰੇਕਫਾਸਟ ਟੀਵੀ ਮਾਰਨਿੰਗ ਐਂਕਰ ਬਣੇ। ਫਿਰ ਉਹ ਸਿਟੀ ਟੀਵੀ ਵਿੱਚ ਐਜੂਕੇਸ਼ਨ ਸਪੈਸ਼ਲਿਸਟ ਤੇ ਫਿਰ ਸਾਇੰਸ ਤੇ ਟੈਕਨਾਲੋਜੀ ਸਪੈਸ਼ਲਿਸਟ ਬਣੇ। ਬਚਪਨ ਵਿੱਚ ਉਨ੍ਹਾਂ ਨੂੰ ਪੋਲੀਓ ਵੀ ਹੋਇਆ ਤੇ ਉਹ ਸ਼ਰੀਰਕ ਅਸਮਰੱਥਤਾ ਵਾਲੇ ਪਹਿਲੇ ਕੈਨੇਡੀਅਨ ਨਿਊਜ਼ਕਾਸਟਰ ਰਹੇ। 2017 ਵਿੱਚ ਉਨ੍ਹਾਂ ਨੂੰ ਆਰਡਰ ਆਫ ਕੈਨੇਡਾ ਨਾਲ ਸਨਮਾਨਿਤ ਕੀਤਾ ਗਿਆ। ਓਨਲੇ ਦੇ ਪਰਿਵਾਰ ਵਿੱਚ ਉਨ੍ਹਾਂ ਦੀ ਪਤਨੀ ਰੂਥ ਐਨ ਤੇ ਤਿੰਨ ਬੱਚੇ ਜੌਨਾਥਨ, ਰੌਬਰਟ ਤੇ ਮਾਈਕਲ ਰਹਿ ਗਏ ਹਨ। ਇੱਕ ਬਿਆਨ ਵਿੱਚ ਪ੍ਰੀਮੀਅਰ ਡੱਗ ਫੋਰਡ ਨੇ ਓਨਲੇ ਦੇ ਅਕਾਲ ਚਲਾਣੇ ਉੱਤੇ ਦੁੱਖ ਪ੍ਰਗਟ ਕੀਤਾ।

## ਕੈਲਡਨ ਵਿੱਚ ਹੋਏ ਘਾਤਕ ਹਾਦਸੇ ਦੀ ਜਾਂਚ ਕਰ ਰਹੀ ਹੈ ਓਪੀਪੀ

ਓਨਟਾਰੀਓ, 15 ਜਨਵਰੀ (ਪੋਸਟ ਬਿਊਰੋ) : ਕੈਲਡਨ ਵਿੱਚ ਹੋਏ ਜ਼ਬਰਦਸਤ ਹਾਦਸੇ ਵਿੱਚ ਕਿਸੇ ਦੇ ਮਾਰੇ ਜਾਣ ਤੇ ਕਈ ਲੋਕਾਂ ਦੇ ਜ਼ਖ਼ਮੀ ਹੋਣ ਦਾ ਖਦਸ਼ਾ ਹੈ। ਇਸ ਹਾਦਸੇ ਦੀ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ ਵੱਲੋਂ ਜਾਂਚ ਕੀਤੀ ਜਾ ਰਹੀ ਹੈ।

ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਕਿ ਇਸ ਹਾਦਸੇ ਵਿੱਚ ਕਿੰਨੀਆਂ ਗੱਡੀਆਂ ਸ਼ਾਮਲ ਹਨ ਤੇ ਨਾ ਹੀ ਅਜੇ ਇਹ ਸਪਸ਼ਟ ਜਾਣਕਾਰੀ ਮਿਲ ਸਕੀ ਹੈ ਕਿ ਹਾਦਸੇ ਵਿੱਚ ਕਿੰਨੇ ਲੋਕ ਮਾਰੇ ਗਏ ਜਾਂ ਜ਼ਖ਼ਮੀ ਹੋ ਗਏ। ਹੁਣ ਤੱਕ ਮਿਲੀ ਜਾਣਕਾਰੀ ਅਨੁਸਾਰ ਜਾਂਚ ਲਈ ਗੋਰ ਰੋਡ ਨੂੰ ਮੇਅਫੀਲਡ ਰੋਡ ਤੇ ਕਿੰਗ ਸਟਰੀਟ ਦਰਮਿਆਨ ਬੰਦ ਕਰ ਦਿੱਤਾ ਗਿਆ। ਹੈਲੇ ਰੋਡ ਨੂੰ ਵੀ ਹੰਬਰ ਸਟੇਸ਼ਨ ਰੋਡ ਤੇ ਸੈਂਟਰਵਿੱਲ ਕ੍ਰੀਕ ਰੋਡ ਦਰਮਿਆਨ ਜਾਂਚ ਲਈ ਬੰਦ ਕੀਤਾ ਗਿਆ ਹੈ।

## ਨੇਪਾਲ ਵਿਚ ਜਹਾਜ਼ ਹਾਦਸਾ, ATR-72 ਯਾਤਰੀ ਜਹਾਜ਼ ਪੋਖਰਾ ਨੇੜੇ ਹੋਇਆ ਕਰੈਸ਼, 5 ਭਾਰਤੀਆਂ ਸਮੇਤ 68 ਮੌਤਾਂ



ਨੇਪਾਲ, 15 ਜਨਵਰੀ (ਪੋਸਟ ਬਿਊਰੋ): ਨੇਪਾਲ ਵਿਚ ਐਤਵਾਰ ਨੂੰ ਵੱਡਾ ਜਹਾਜ਼ ਹਾਦਸਾ ਵਾਪਰਿਆ ਹੈ। ਨੇਪਾਲ ਦੇ ਪ੍ਰਮੁੱਖ ਸ਼ਹਿਰਾਂ ਵਿੱਚੋਂ ਇੱਕ ਪੋਖਰਾ ਨੇੜੇ ਇੱਕ ਯਾਤਰੀ ਜਹਾਜ਼ ਐਤਵਾਰ ਸਵੇਰੇ ਪੋਖਰਾ ਹਵਾਈ ਅੱਡੇ 'ਤੇ 72 ਲੋਕਾਂ ਨੂੰ ਲੈ ਕੇ ਹਾਦਸਾਗ੍ਰਸਤ ਹੋ ਗਿਆ। ਨੇਪਾਲ ਦੇ ਕੇਂਦਰੀ ਸ਼ਹਿਰ ਪੋਖਰਾ ਵਿੱਚ ਅੱਜ ਯੇਤੀ ਏਅਰਲਾਈਨਜ਼ ਦਾ ਜਹਾਜ਼ ਹਾਦਸਾਗ੍ਰਸਤ ਹੋ ਗਿਆ। ਹਾਦਸੇ ਵਿੱਚ ਘੱਟੋ-ਘੱਟ 68 ਯਾਤਰੀਆਂ ਦੀ ਮੌਤ ਹੋ ਗਈ ਜਿਨ੍ਹਾਂ ਵਿਚੋਂ 12 ਦੀ ਸ਼ਨਾਖਤ ਹੋ ਗਈ ਹੈ। ਹਾਦਸੇ ਮੌਕੇ ਜਹਾਜ਼ ਵਿਚ ਪੰਜ ਭਾਰਤੀਆਂ ਸਣੇ ਕੁੱਲ 72 ਵਿਅਕਤੀ ਸਵਾਰ ਸਨ। ਜਹਾਜ਼ ਦੋ ਹਫ਼ਤੇ ਪਹਿਲਾਂ ਖੁੱਲ੍ਹੇ ਨਵੇਂ ਹਵਾਈ ਅੱਡੇ 'ਤੇ ਉਤਰਨ ਮੌਕੇ ਨਦੀ ਕੰਢੇ ਹਾਦਸੇ ਦਾ ਸ਼ਿਕਾਰ ਹੋ ਗਿਆ।

ਜਾਣਕਾਰੀ ਮੁਤਾਬਕ ਜਹਾਜ਼ ਕਾਠਮੰਡੂ ਤੋਂ ਪੋਖਰਾ ਜਾ ਰਿਹਾ ਸੀ। ਖਰਾਬ ਮੌਸਮ ਦੌਰਾਨ ਪੋਖਰਾ ਅੰਤਰਰਾਸ਼ਟਰੀ ਹਵਾਈ ਅੱਡੇ 'ਤੇ ਉਤਰਨ ਦੀ ਕੋਸ਼ਿਸ਼ ਕਰਦੇ ਸਮੇਂ ਜਹਾਜ਼ ਪਹਾੜੀ ਨਾਲ ਟਕਰਾ ਗਿਆ। ਜਿਵੇਂ ਹੀ ਇਹ ਕਰੈਸ਼ ਹੋਇਆ, ਇਸ ਵਿਚ ਧਮਾਕੇ ਨਾਲ ਅੱਗ ਲੱਗ ਗਈ। ਨੇਪਾਲ ਦੇ ਸਥਾਨਕ ਮੀਡੀਆ ਮੁਤਾਬਕ ਹੁਣ ਤੱਕ 32 ਲੋਕਾਂ ਦੀਆਂ ਲਾਸ਼ਾਂ ਕੱਢੀਆਂ ਜਾ ਚੁੱਕੀਆਂ ਹਨ। ਹਾਲਾਂਕਿ ਏਅਰਲਾਈਨਜ਼ ਅਤੇ ਸਰਕਾਰ ਵੱਲੋਂ ਕੋਈ ਅਧਿਕਾਰਤ ਬਿਆਨ ਨਹੀਂ ਦਿੱਤਾ ਗਿਆ ਹੈ। ਹਾਦਸੇ ਵਾਲੀ ਥਾਂ 'ਤੇ ਫੌਜ ਤਾਇਨਾਤ ਕਰ ਦਿੱਤੀ ਗਈ ਹੈ। ਉਨ੍ਹਾਂ ਨੇ ਬਚਾਅ ਅਤੇ ਰਾਹਤ ਕਾਰਜਾਂ ਦੀ ਜ਼ਿੰਮੇਵਾਰੀ ਸੰਭਾਲ ਲਈ ਹੈ।

ਸੀਏਏਐੱਨ ਦੀ ਰਾਹਤ ਤੇ ਬਚਾਅ ਬਾਰੇ ਤਾਲਮੇਲ ਕਮੇਟੀ ਦੇ ਅਧਿਕਾਰੀ ਨੇ ਕਿਹਾ, ''ਹੁਣ ਤੱਕ ਹਾਦਸੇ ਵਾਲੀ ਥਾਂ ਤੋਂ 68 ਲਾਸ਼ਾਂ ਬਰਾਮਦ ਕੀਤੀਆਂ ਜਾ ਚੁੱਕੀਆਂ ਹਨ। ...ਬਾਕੀ ਪੰਨਾ 2 'ਤੇ

NOW HIRING !!!
ALLKIND INSURANCE
•Life Insurance •Super Visa Insurance
•Critical illness Ins •Mortgage Insurance
•Travel & Visitor Ins •Disability Insurance
•RESP & TFSA & RRSP •Funeral Insurance
SIMRAN SAINI
416.994.7272
www.allkindinsurance.com

SUPER VISA INSURANCE EXPERTS
7003 Steeles Ave. W, Unit 10, Etobicoke, ON, M9W 0A2
gill@punjabinsurance.ca | topinsuranceservices.ca
Punjab Insurance Inc
Disability Insurance
Mortgage Insurance
Life Insurance
Visitor & Travel Insurance
RESP(Education Plan)
Critical Illness Insurance
RANJIT GILL
Insurance Advisor
416-724-5000

GURBIR CHAHAL
Sales Representative
416.566.7605
gurbir.chahal@yahoo.com
ROYAL LEPAGE Flower City Realty Off: 905.230.3100

INSURANCE
Home Auto
Business Trucking
Life Insurance Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

HOME APPLIANCES STORE
ANNIVERSARY SPECIAL DEAL
UPGRADE LAUNDRY IN JUST $99*
PRICE $5199* NO TAX
KitchenAid moffat MAYTAG LG SAMSUNG Electrolux JENNAIR BOSCH Whirlpool
416-551-5553
WWW.OURRHOMEAPPLIANCES.COM

AUTO & HOME INSURANCE
Super visa Insurance
Life & Disability
Critical illness
RESP
Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11, Mississauga, ON L5S 0A2

HELPING YOU PLAN TODAY...FOR TOMORROW
• Supervisa / Visitor Insurance
• Life /Mortgage/Funeral Insurance
• Disability Insurance
• Critical Illness Insurance
• RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

PROTECT YOUR HOME FROM PESTS
Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
-Real Estate -Commercial Lease
-Business Purchase & Sale
-Notarizations & Affidavits
-Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ,
ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types | Walkie pallet Low Lift | Electric Motor Narrow Aisle Reach | Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

KELLEY LAW OFFICE
Immigration Real Estate
Family Law Business Closing
Corporate Wills & Estate
Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
Cell: 416-841-4218 Tel: 905-216-5563
AvonFinancial Inc.
Brokerage Lic.12538
Harpreet Singh Goraya
Principal Broker
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
• Real Estate Law • Business Law
• Wills & Estates • Family Law
• Power of Attorney • Civil Litigation
• Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

Royal Pest Control
Residential Commercial Industrial
Specialist in Bedbugs Service
All Pest Control :
•Mouse & Rats •Spiders & Fleas •Bedbugs •Wasps
•Cockroaches •Carpenter Ants •Silver Fish •Racoons
Call : PARESH PATEL
(Government Approved Licensed Technician)
416 938 4598

# ਦੋ ਗੱਡੀਆਂ ਦੀ ਟੱਕਰ ਤੋਂ ਬਾਅਦ ਕਾਰ ਪਲਟੀ



ਓਨਟਾਰੀਓ, 15 ਜਨਵਰੀ (ਪੋਸਟ ਬਿਊਰੋ) : ਮੈਕੋਵਨ ਰੋਡ ਤੇ ਸੈਂਡਹਰਸਟ ਸਰਕਲ ਏਰੀਆ ਵਿੱਚ ਦੋ ਗੱਡੀਆਂ ਦਰਮਿਆਨ ਹੋਈ ਟੱਕਰ ਤੋਂ ਬਾਅਦ ਇੱਕ ਕਾਰ ਪਲਟ ਗਈ। ਹਾਦਸੇ ਦੀ ਜਾਣਕਾਰੀ ਮਿਲਣ ਤੋਂ ਬਾਅਦ ਪੁਲਿਸ ਰਾਤੀਂ 10:00 ਵਜੇ ਦੇ ਨੇੜੇ ਤੇੜੇ ਘਟਨਾ ਵਾਲੀ ਥਾਂ ਉੱਤੇ ਪਹੁੰਚੀ। ਮੌਕੇ ਉੱਤੇ ਐਂਬੂਲੈਂਸ ਵੀ ਪਹੁੰਚੀ ਪਰ ਕਿਸੇ ਦੇ ਗੰਭੀਰ ਜ਼ਖ਼ਮੀ ਹੋਣ ਦੀ ਖਬਰ ਨਹੀਂ ਹੈ।

ਬਿੱਗ ਰੈੱਡ ਐਵਨਿਊ ਤੋਂ ਮੈਕਨਿਕੋਲ ਐਵਨਿਊ ਤੱਕ ਬੰਦ ਰਹਿਣ ਤੋਂ ਬਾਅਦ ਮੈਕੋਵਨ ਰੋਡ ਨੂੰ ਮੁੜ ਖੋਲ੍ਹ ਦਿੱਤਾ ਗਿਆ।

# ਕਾਰ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਵਿਅਕਤੀ ਦੀ ਹਾਲਤ ਨਾਜ਼ੁਕ

ਸਕਾਰਬਰੋ, 15 ਜਨਵਰੀ (ਪੋਸਟ ਬਿਊਰੋ) : ਵੀਰਵਾਰ ਰਾਤ ਨੂੰ ਸਕਾਰ-ਬਰੋ ਵਿੱਚ ਇੱਕ ਕਾਰ ਵੱਲੋਂ ਟੱਕਰ ਮਾਰੇ ਜਾਣ ਕਾਰਨ ਇੱਕ ਵਿਅਕਤੀ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ ਤੇ ਉਸ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ ਜਿੱਥੇ ਉਹ ਜ਼ਿੰਦਗੀ ਤੇ ਮੌਤ ਦੀ ਲੜਾਈ ਲੜ ਰਿਹਾ ਹੈ। ਇਹ ਹਾਦਸਾ ਸ਼ਾਮੀਂ 6:00 ਵਜੇ ਡੈਨਫੋਰਥ ਤੇ ਬਰਚਮਾਊਂਟ ਰੋਡ ਦੇ ਨੇੜੇ ਵਾਪਰਿਆ। ਪੁਲਿਸ ਨੇ ਦੱਸਿਆ ਕਿ ਚਿੱਟੇ ਰੰਗ ਦੀ ਪੌਂਟੀਐਕ ਬਰਚਮਾਊਂਟ ਉੱਤੇ ਦੱਖਣ ਵੱਲ ਜਾ ਰਹੀ ਸੀ ਜਦੋਂ ਡੈਨਫੋਰਥ ਰੋਡ ਉੱਤੇ ਸੜਕ ਪਾਰ ਕਰ ਰਹੇ ਇੱਕ ਵਿਅਕਤੀ ਨੂੰ ਉਸ ਵੱਲੋਂ ਟੱਕਰ ਮਾਰ ਦਿੱਤੀ ਗਈ। ਜ਼ਖ਼ਮੀ ਵਿਅਕਤੀ ਆਪਣੇ 30ਵਿਆਂ ਵਿੱਚ ਸੀ ਤੇ ਉਸ ਨੂੰ ਨਾਜ਼ੁਕ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ। ਇਸ ਘਟਨਾ ਵਿੱਚ ਸ਼ਾਮਲ ਡਰਾਈਵਰ ਮੌਕੇ ਉੱਤੇ ਮੌਜੂਦ ਰਿਹਾ।

# ਕੈਨੇਡਾ ਨੂੰ ਹੋਰ ਇਮੀਗ੍ਰੈਂਟਸ ਦੀ ਲੋੜ : ਫਰੇਜ਼ਰ

ਓਟਵਾ, 15 ਜਨਵਰੀ (ਪੋਸਟ ਬਿਊਰੋ) : ਆਉਣ ਵਾਲੇ ਸਾਲਾਂ ਵਿੱਚ ਕੈਨੇਡਾ ਵੱਲੋਂ ਆਪਣੇ ਇਮੀਗ੍ਰੇਸ਼ਨ ਦੇ ਪੱਧਰ ਨੂੰ ਹੋਰ ਉੱਚਾ ਚੁੱਕਣ ਦੀ ਤਿਆਰੀ ਕੀਤੀ ਜਾ ਰਹੀ ਹੈ। ਉਸ ਤੋਂ ਕਈ ਨੀਤੀ ਮਾਹਿਰ ਇਸ ਗੱਲ ਨੂੰ ਲੈ ਕੇ ਚਿੰਤਤ ਹਨ ਕਿ ਇਸ ਨਾਲ ਹੈਲਥ ਕੇਅਰ, ਹਾਊਸਿੰਗ ਤੇ ਲੇਬਰ ਮਾਰਕਿਟ ਉੱਤੇ ਕੀ ਅਸਰ ਪਵੇਗਾ।



ਪਰ ਇਮੀਗ੍ਰੇਸ਼ਨ ਮੰਤਰੀ ਸ਼ਾਨ ਫਰੇਜ਼ਰ ਦਾ ਕਹਿਣਾ ਹੈ ਕਿ ਕੈਨੇਡਾ ਨੂੰ ਲੇਬਰ ਦੀ ਘਾਟ ਨੂੰ ਪੂਰਾ ਕਰਨ ਤੇ ਜਨਸੰਖਿਆ ਸਬੰਧੀ ਤਬਦੀਲੀਆਂ, ਜਿਹੜੀਆਂ ਦੇਸ਼ ਦੇ ਭਵਿੱਖ ਲਈ ਚੁਣੌਤੀ ਬਣੀਆਂ ਹੋਈਆਂ ਹਨ, ਲਈ ਵਧੇਰੇ ਨਿਊਕਮਰਜ਼ ਦੀ ਲੋੜ ਹੈ। ਇੱਕ ਇੰਟਰਵਿਊ ਵਿੱਚ ਫਰੇਜ਼ਰ ਨੇ ਆਖਿਆ ਕਿ ਸਾਨੂੰ ਹੋਰ ਇਮੀਗ੍ਰੈਂਟਸ ਨੂੰ ਸੱਦਣਾ ਹੀ ਹੋਵੇਗਾ ਨਹੀਂ ਤਾਂ ਉਮਰਦਰਾਜ਼ ਹੋ ਰਹੀ ਸਾਡੀ ਆਬਾਦੀ ਕਾਰਨ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੱਡਾ ਨੁਕਸਾਨ ਸਹਿਣਾ ਹੋਵੇਗਾ।

ਨਵੰਬਰ ਵਿੱਚ ਫੈਡਰਲ ਲਿਬਰਲ ਸਰਕਾਰ ਨੇ ਨਵੇਂ ਇਮੀਗ੍ਰੇਸ਼ਨ ਪਲੈਨ ਦਾ ਐਲਾਨ ਕੀਤਾ ਸੀ ਜਿਸ ਤਹਿਤ 2025 ਤੱਕ ਕੈਨੇਡਾ ਨੂੰ 500,000 ਇਮੀਗ੍ਰੈਂਟਸ ਹਰ ਸਾਲ ਸੱਦਣ ਦਾ ਟੀਚਾ ਮਿਥਿਆ ਗਿਆ ਸੀ। ਜ਼ਿਕਰਯੋਗ ਹੈ ਕਿ 2022 ਵਿੱਚ 431,645 ਲੋਕ ਕੈਨੇਡਾ ਦੇ ਪਰਮਾਨੈਂਟ ਰੈਜ਼ੀਡੈਂਟਸ ਬਣੇ। ਸਰਕਾਰ ਦੀ ਇਸ ਸੋਚ ਬਾਰੇ ਕੁੱਝ ਅੰਕੜੇ ਵੀ ਜ਼ਿੰਮੇਵਾਰ ਹਨ। ਸਟੈਟੇਸਟਿਕਸ ਕੈਨੇਡਾ ਵੱਲੋਂ ਜਾਰੀ ਕੀਤੇ ਗਏ ਅੰਕੜਿਆਂ ਅਨੁਸਾਰ ਦੇਸ਼ ਦੀ ਜਨਮ ਦਰ 2020 ਵਿੱਚ ਪ੍ਰਤੀ ਮਹਿਲਾ 1.4 ਬੱਚਿਆਂ ਤੱਕ ਪਹੁੰਚ ਗਈ। ਇਹ ਇਮੀਗ੍ਰੇਸ਼ਨ ਤੋਂ ਬਿਨਾਂ ਆਬਾਦੀ ਨੂੰ ਮੇਨਟੇਨ ਕਰਨ ਲਈ ਲੋੜੀਂਦੀ 2.1 ਦੀ ਦਰ ਤੋਂ ਵੀ ਹੇਠਾਂ ਹੈ। ਪਰ ਮਾਹਿਰਾਂ ਦੀ ਚਿੰਤਾ ਦਾ ਵਿਸ਼ਾ ਇਹ ਹੈ ਕਿ ਜੇ ਐਨੇ ਇਮੀਗ੍ਰੈਂਟਸ ਆਉਂਦੇ ਹਨ ਤਾਂ ਉਸ ਨਾਲ ਰਹਿਣ ਲਈ ਘਰ, ਹੈਲਥ ਕੇਅਰ ਆਦਿ ਦਾ ਕੀ ਬਣੇਗਾ।

# ਨੇਪਾਲ ਵਿਚ ਜਹਾਜ਼ ਹਾਦਸਾ, ATR-72 ਯਾਤਰੀ ਜਹਾਜ਼ ਪੋਖਰਾ ਨੇੜੇ ਹੋਇਆ ਕਰੈਸ਼, 5 ਭਾਰਤੀਆਂ ਸਮੇਤ 68 ਮੌਤਾਂ

ਪੰਨਾ 1 ਦਾ ਬਾਕੀ

ਹਾਲਾਂਕਿ ਇਨ੍ਹਾਂ ਵਿਚੋਂ ਕਿਸੇ ਦੀ ਵੀ ਅਜੇ ਤੱਕ ਪਛਾਣ ਨਹੀਂ ਹੋਈ। ਬਾਕੀ ਬਚੀਆਂ ਚਾਰ ਲਾਸ਼ਾਂ ਨੂੰ ਲੱਭਣ ਲਈ ਯਤਨ ਜਾਰੀ ਹਨ।'' ਜਹਾਜ਼ 'ਤੇ ਸਵਾਰ ਵਿਦੇਸ਼ੀ ਨਾਗਰਿਕਾਂ 'ਚੋਂ ਪੰਜ ਭਾਰਤੀ, ਚਾਰ ਰੂਸੀ, ਦੋ ਕੋਰਿਆਈ, ਇਕ ਇਕ ਆਸਟਰੇਲੀਅਨ, ਫਰੈਂਚ, ਅਰਜਨਟੀਨੀ ਤੇ ਇਜ਼ਰਾਇਲੀ ਨਾਗਰਿਕ ਹਨ। ਉਧਰ ਭਾਰਤੀ ਅੰਬੈਸੀ ਨੇ ਇਕ ਟਵੀਟ ਵਿੱਚ ਕਿਹਾ ਕਿ ਜਹਾਜ਼ 'ਚ ਪੰਜ ਭਾਰਤੀਆਂ ਸਣੇ ਕੁੱਲ 15 ਵਿਦੇਸ਼ੀ ਨਾਗਰਿਕ ਮੌਜੂਦ ਸਨ, ਜਿਨ੍ਹਾਂ ਬਾਰੇ ਅਜੇ ਤੱਕ ਕੋਈ ਜਾਣਕਾਰੀ ਨਹੀਂ ਹੈ।

ਭਾਰਤ ਦੇ ਸ਼ਹਿਰੀ ਹਵਾਬਾਜ਼ੀ ਮੰਤਰੀ ਜਯੋਤਿਰਾਦਿੱਤਿਆ ਸਿੰਧੀਆ ਨੇ ਨੇਪਾਲ ਵਿੱਚ ਹੋਏ ਹਾਦਸੇ 'ਤੇ ਦੁੱਖ ਪ੍ਰਗਟ ਕੀਤਾ ਹੈ। ਉਨ੍ਹਾਂ ਨੇ ਇਸ ਨੂੰ ਮੰਦਭਾਗਾ ਦੱਸਿਆ। ਹਾਦਸਾ ਕਾਸਕੀ ਜ਼ਿਲ੍ਹੇ ਦੇ ਪੋਖਰਾ ਦੇ ਪੁਰਾਣੇ ਹਵਾਈ ਅੱਡੇ ਅਤੇ ਪੋਖਰਾ ਹਵਾਈ ਅੱਡੇ ਦੇ ਵਿਚਕਾਰ ਵਾਪ-ਰਿਆ ਹਾਦਸਾ। ਇੱਥੇ ਉਹ ਪਹਾੜੀ ਨਾਲ ਟਕਰਾ ਕੇ ਖਾਈ ਵਿੱਚ ਜਾ ਡਿੱਗਾ। ਪੋਖਰਾ ਹਵਾਈ ਅੱਡਾ ਕਾਠਮੰਡੂ ਤੋਂ 200 ਕਿਲੋਮੀਟਰ ਦੂਰ ਹੈ। ਨੇਪਾਲ ਦੇ ਪ੍ਰਧਾਨ ਮੰਤਰੀ ਪੁਸ਼ਪਾ ਕਮਲ ਦਹਿਲ ਨੇ ਐਮਰਜੈਂਸੀ ਕੈਬਨਿਟ ਮੀਟਿੰਗ ਬੁਲਾਈ ਹੈ। ਇਸ ਵਿੱਚ ਰਾਹਤ ਅਤੇ ਬਚਾਅ ਕਾਰਜਾਂ ਦੀ ਸਮੀਖਿਆ ਕੀਤੀ ਜਾ ਰਹੀ ਹੈ।

# ਲੋਕਾਂ ਨੂੰ ਜਲਦੀ ਮਿਲੇਗੀ ਵੱਡੀ ਸਹੂਲਤ; ਆਨਲਾਈਨ ਦੇਖ ਸਕਣਗੇ ਜ਼ਮੀਨ ਦੀ ਸਥਿਤੀ

**ਅਮਨ ਅਰੋੜਾ ਵੱਲੋਂ ਅਧਿਕਾਰੀਆਂ ਨੂੰ ਖਸਰਾ ਆਧਾਰਤ ਮਾਸਟਰਪਲਾਨਜ਼ ਨੂੰ ਡਿਜੀਟਾਈਜ਼ ਕਰਨ ਦੀ ਪ੍ਰਕਿਰਿਆ ਤੇਜ਼ ਕਰਨ ਦੇ ਨਿਰਦੇਸ਼**

ਚੰਡੀਗੜ੍ਹ, 15 ਜਨਵਰੀ (ਪੋਸਟ ਬਿਊਰੋ): ਸੂਬੇ ਦੇ ਲੋਕਾਂ ਨੂੰ ਇਕ ਹੋਰ ਵੱਡੀ ਸਹੂਲਤ ਦੇਣ ਲਈ ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ ਨੇ ਖਸਰਾ ਆਧਾਰਤ ਮਾਸਟਪਲਾਨਜ਼ ਨੂੰ ਡਿਜੀਟਾਈਜ਼ ਕਰਨ ਦਾ ਕੰਮ ਸ਼ੁਰੂ ਕਰ ਦਿੱਤਾ ਹੈ, ਜਿਸ ਨਾਲ ਆਮ ਵਿਅਕਤੀ ਜ਼ਮੀਨ ਦੀ ਸਥਿਤੀ, ਇਸ ਦੀ ਮੌਜੂਦਾ ਵਰਤੋਂ ਅਤੇ ਜ਼ੋਨਿੰਗ ਪਲਾਨ ਬਾਰੇ ਆਸਾਨੀ ਨਾਲ ਪਤਾ ਕਰ ਸਕੇਗਾ। ਪੰਜਾਬ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਮੰਤਰੀ ਅਮਨ ਅਰੋੜਾ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਉਹ ਇਸ ਪ੍ਰਾਜੈਕਟ ਨੂੰ ਲਾਗੂ ਕਰਨ ਦੀ ਪ੍ਰਕਿਰਿਆ ਨੂੰ ਹੋਰ ਤੇਜ਼ ਕਰਨ ਵਾਸਤੇ ਪੰਜਾਬ ਰਿਮੋਟ ਸੈਂਸਿੰਗ ਸੈਂਟਰ (ਪੀ.ਆਰ.ਐਸ.ਸੀ.) ਦੀ ਟੀਮ ਨਾਲ ਤਾਲਮੇਲ ਕਰਨ ਤਾਂ ਜੋ ਲੋਕਾਂ ਨੂੰ ਜ਼ਮੀਨ ਨਾਲ ਸਬੰਧਤ ਸਾਰੀ ਜਾਣਕਾਰੀ ਇੱਕ ਕਲਿੱਕ 'ਤੇ ਮੁਹੱਈਆ ਕਰਵਾਈ ਜਾ ਸਕੇ।

ਪੀ.ਆਰ.ਐਸ.ਸੀ. ਦੀ ਟੀਮ ਨਾਲ ਮੀਟਿੰਗ ਦੌਰਾਨ ਇਸ ਪ੍ਰਾਜੈਕਟ ਦੀ ਸਥਿਤੀ ਦਾ ਜਾਇਜ਼ਾ ਲੈਂਦਿਆਂ ਅਮਨ ਅਰੋੜਾ ਨੇ ਕਿਹਾ ਕਿ ਇਸ ਪ੍ਰਾਜੈਕਟ ਦੇ ਲਾਗੂ ਹੋਣ ਨਾਲ ਲੋਕ ਆਪਣੀ ਜ਼ਮੀਨ ਨੂੰ ਆਨਲਾਈਨ ਦੇਖ ਸਕਣਗੇ। ਇਸ ਤੋਂ ਇਲਾਵਾ ਜਿਸ ਖੇਤਰ ਵਿੱਚ ਉਨ੍ਹਾਂ ਦੀ ਜ਼ਮੀਨ ਪੈਂਦੀ ਹੈ, ਉਸ ਖੇਤਰ ਦੇ ਜ਼ੋਨਿੰਗ ਪਲਾਨ ਬਾਰੇ ਵੀ ਜਾਣਕਾਰੀ ਹਾਸਲ ਕਰ ਸਕਣਗੇ। ਉਨ੍ਹਾਂ ਦੱਸਿਆ ਕਿ ਇਹ ਪਹਿਲਕਦਮੀ ਜ਼ਮੀਨ ਦੀ ਵਰਤੋਂ ਵਿੱਚ ਤਬਦੀਲੀ (ਸੀ.ਐਲ.ਯੂ.) ਲਈ ਆਸਾਨੀ ਨਾਲ ਅਪਲਾਈ ਕਰਨ ਵੀ ਮਦਦਗਾਰ ਸਾਬਤ ਹੋਵੇਗੀ। ਇਸ ਤੋਂ ਇਲਾਵਾ ਰਿਕਾਰਡ ਦੇ ਰੱਖ-ਰਖਾਅ ਦੀ ਵਿਧੀ ਵਿੱਚ ਪਾਰਦਰਸ਼ਤਾ ਆਵੇਗੀ ਅਤੇ ਸੂਬੇ ਵਿੱਚ ਨਿਵੇਸ਼ ਨੂੰ ਉਤਸ਼ਾਹ ਮਿਲੇਗਾ।

ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ ਨੇ ਲੋਕਾਂ ਨੂੰ ਪਾਰਦਰਸ਼ੀ ਢੰਗ ਨਾਲ ਉਨ੍ਹਾਂ ਦੇ ਦਰ 'ਤੇ ਸੇਵਾਵਾਂ ਪ੍ਰਦਾਨ ਕਰਨ ਲਈ ਕਈ ਸੁਧਾਰਾਤਮਕ ਕਦਮ ਚੁੱਕੇ ਹਨ।

## ਅੱਜ ਨਾਮਾ

ਮਾਇਆਵਤੀ ਨੇ ਸਿੱਧਾ ਫਿਰ ਕਿਹਾ ਮੀਆਂ,
ਪਾਉਣੀ ਸਾਂਝ ਨਹੀਂ ਕਿਸੇ ਦੇ ਨਾਲ ਮੀਆਂ।
ਜਿਸ ਦੇ ਨਾਲ ਵੀ ਅਸੀਂ ਕੋਈ ਸਾਂਝ ਪਾਈ,
ਉਹ ਹੀ ਖੇਡ ਜਾਂਦਾ ਏ ਪਿੱਛੋਂ ਚਾਲ ਮੀਆਂ।
ਸਾਡੀ ਪਾਰਟੀ ਨੂੰ ਕਦੇ ਕੁਝ ਮਿਲੇ ਨਹੀਉਂ,
ਫਾਇਦਾ ਚੁੱਕ ਜਾਂਦੇ ਈ ਭਾਈਵਾਲ ਮੀਆਂ।
ਦੋ-ਤਿੰਨ ਕਦਮ ਅਗਾਂਹ ਉਹ ਨਿਕਲ ਜਾਂਦੇ,
ਸੁਧਰਦਾ ਅਸਾਂ ਦਾ ਕਦੇ ਨਹੀਂ ਹਾਲ ਮੀਆਂ।
ਦੂਸਰੇ ਪਾਸੇ ਕਈ ਆਖ ਰਹੇ ਮਾਹਰ ਪੱਕੇ,
ਕਰਦੀ ਬੀਬੀ ਵੀ ਕੋਈ ਨਹੀਂ ਘੱਟ ਮੀਆਂ।
ਬੀਬੀ ਕਰਦੀ ਸਮਝੌਤਾ ਜਿਉਂ ਝੱਟ ਦੇਣੀ,
ਓਦਾਂ ਈ ਤੋੜਦੀ ਲਾਵੇ ਨਹੀਂ ਝੱਟ ਮੀਆਂ।

**ਤੀਸ ਮਾਰ ਖਾਂ**






















# ਕੀ ਸੰਦੇਸ਼ ਦੇਂਦਾ ਹੈ ਅਫਸਰਾਂ ਦੇ ਯਰਕਾਊ ਵਿਹਾਰ ਮੂਹਰੇ ਮੁੱਖ ਮੰਤਰੀ ਦਾ ਬੈਰੀਕੇਡ

ਜਤਿੰਦਰ ਪਨੂੰ ਦੀ ਕਲਮ ਤੋਂ

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਬੀਤੇ ਦਿਨੀਂ ਚੁੱਕੇ ਗਏ ਇੱਕ ਕਦਮ ਨਾਲ ਇੱਕ ਨਿਵੇਕਲੀ ਚਰਚਾ ਛਿੜ ਗਈ ਹੈ। ਬਹੁਤ ਸਾਰੇ ਲੋਕ ਇਸ ਗੱਲ ਤੋਂ ਖੁਸ਼ ਹਨ ਕਿ ਮੁੱਖ ਮੰਤਰੀ ਨੇ ਪੰਜਾਬ ਦੀ ਸਿਵਲ ਅਫਸਰਸ਼ਾਹੀ ਨੂੰ ਇਹ ਸਮਝਾ ਦਿੱਤਾ ਹੈ ਕਿ ਲੋਕਤੰਤਰ ਵਿੱਚ ਸਰਕਾਰ ਨੂੰ ਬਲੈਕਮੇਲ ਕਰਨ ਦੇ ਯਤਨ ਸਫਲ ਨਹੀਂ ਹੋ ਸਕਦੇ ਤੇ ਅਫਸਰਾਂ ਨੂੰ ਆਪਣੀ ਹੱਦ ਵਿੱਚ ਰਹਿਣਾ ਸਿੱਖ ਲੈਣਾ ਚਾਹੀਦਾ ਹੈ। ਅਸਰ ਇਸ ਦਾ ਬਿਲਕੁਲ ਇਹੀ ਪਿਆ ਤੇ ਪੰਜਾਬ ਦੀ ਸਰਕਾਰ ਨੂੰ ਚਲਾ ਰਹੀ ਪਾਰਟੀ ਦੇ ਆਗੂਆਂ ਤੋਂ ਇਲਾਵਾ ਕਈ ਬਾਹਰਲੇ ਲੋਕਾਂ ਨੇ ਵੀ ਮੁੱਖ ਮੰਤਰੀ ਦੇ ਪੈਂਤੜੇ ਦਾ ਬਹੁਤ ਸਮਝਦਾਰੀ ਨਾਲ ਹੁੰਗਾਰਾ ਭਰਿਆ ਹੈ। ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਪੰਜਾਬ ਕਾਂਗਰਸ ਦੇ ਇੱਕੋ ਇੱਕ ਲੀਡਰ ਹਨ, ਜਿਹੜੇ ਇੱਕ ਤੋਂ ਵੱਧ ਵਾਰੀ ਮੰਤਰੀ ਬਣਨ ਦੇ ਇਲਾਵਾ ਪਾਰਲੀਮੈਂਟ ਦੇ ਦੋਵਾਂ ਹਾਊਸਾਂ ਲੋਕ ਸਭਾ ਤੇ ਰਾਜ ਸਭਾ ਦੇ ਮੈਂਬਰ ਵੀ ਰਹਿ ਚੁੱਕੇ ਹਨ ਅਤੇ ਪੰਜਾਬ ਕਾਂਗਰਸ ਦੀ ਪ੍ਰਧਾਨਗੀ ਵੀ ਕੁਝ ਸਮਾਂ ਹੰਢਾ ਚੁੱਕੇ ਹਨ। ਅਫਸਰਾਂ ਵੱਲੋਂ ਹੜਤਾਲ ਕਹੇ ਬਗੈਰ ਸਮੂਹਿਕ ਛੁੱਟੀ ਲੈ ਕੇ ਹੜਤਾਲ ਦੇ ਅਸਿੱਧੇ ਕਦਮ ਬਾਰੇ ਪ੍ਰਤਾਪ ਸਿੰਘ ਬਾਜਵਾ ਨੇ ਓਸੇ ਦਿਨ ਕਹਿ ਦਿੱਤਾ ਕਿ ਏਦਾਂ ਦੇ ਚਾਲਿਆਂ ਦੀ ਹਮਾਇਤ ਨਹੀਂ ਕੀਤੀ ਜਾ ਸਕਦੀ। ਲੋਕਾਂ ਨਾਲੋਂ ਅਸਲ ਵਿੱਚ ਕੱਟੇ ਹੋਏ ਅਕਾਲੀ ਦਲ ਦੇ ਜਿਹੜੇ ਆਗੂ ਇਨ੍ਹਾਂ ਅਫਸਰਾਂ ਨੂੰ ਚੁੱਕਣਾ ਦੇਣ ਵਾਲੇ ਢੰਗ ਨਾਲ ਕਾਹਲੀ ਬਿਆਨਬਾਜ਼ੀ ਕਰਨ ਲਈ ਅੱਗੇ ਆਏ ਸਨ, ਉਹ ਵੀ ਮੁੱਖ ਮੰਤਰੀ ਦੇ ਸਖਤ ਕਦਮ ਅਤੇ ਹੜਤਾਲ ਦੇ ਹਸ਼ਰ ਤੋਂ ਬਾਅਦ ਚੁੱਪ ਵੱਟ ਗਏ ਹਨ।

ਅਸੀਂ ਇਹ ਕਦੀ ਨਹੀਂ ਚਾਹੁੰਦੇ ਕਿ ਅਫਸਰਾਂ ਨੂੰ ਸਤਿਕਾਰ ਨਾ ਮਿਲੇ, ਉਨ੍ਹਾਂ ਨੂੰ ਬਣਦਾ ਸਤਿਕਾਰ ਦੇਣਾ ਚਾਹੀਦਾ ਹੈ, ਪਰ ਲੋਕਤੰਤਰ ਵਿੱਚ ਉਹ ਆਪਣੇ-ਆਪ ਨੂੰ ਰਾਜੇ ਮੰਨਣ ਲੱਗ ਜਾਣ, ਇਸ ਤਰ੍ਹਾਂ ਨਹੀਂ ਚੱਲ ਸਕਦਾ। ਸਾਰੇ ਜਾਣਦੇ ਹਨ ਕਿ ਪਿਛਲੇ ਸਾਲਾਂ ਦੌਰਾਨ ਏਥੇ ਸਿਆਸੀ ਆਗੂਆਂ ਨੇ ਜਿਹੜੀ ਭ੍ਰਿਸ਼ਟਾਚਾਰ ਦੀ ਹਨੇਰੀ ਲਿਆ ਛੱਡੀ ਸੀ, ਬਹੁਤ ਸਾਰੇ ਅਫਸਰਾਂ ਦੀ ਉਸ ਵਿੱਚ ਮਿਲੀਭੁਗਤ ਹੁੰਦੀ ਸੀ। ਜਦੋਂ ਉਨ੍ਹਾਂ ਸਿਆਸੀ ਆਗੂਆਂ ਖਿਲਾਫ ਕਾਰਵਾਈ ਹੋਈ ਤਾਂ ਦਲਾਲਾਂ ਦੇ ਨਾਲ ਵੀ ਹੋਣੀ ਸੀ ਤੇ ਉਹ ਅਫਸਰ ਵੀ ਦਾੜ੍ਹ ਹੇਠ ਆ ਸਕਦੇ ਸਨ, ਜਿਹੜੇ ਲੀਡਰਾਂ ਨਾਲ ਮਿਲ ਕੇ ਹਿੱਸਾ-ਪੱਤੀ ਰੱਖਣ ਦੇ ਰਾਹ ਪਏ ਹੋਏ ਸਨ। ਭ੍ਰਿਸ਼ਟਾਚਾਰ ਵਿਰੁੱਧ ਕਾਰਵਾਈ ਦੌਰਾਨ ਜਦੋਂ ਆਗੂਆਂ ਦੀ ਫੜੋ-ਫੜਾਈ ਹੁੰਦੀ ਰਹੀ, ਅਫਸਰੀ ਪੱਧਰ ਉੱਤੇ ਆਪਸੀ ਵਿਚਾਰਾਂ ਹੁੰਦੀਆਂ ਰਹੀਆਂ ਕਿ ਸਾਡੇ ਤੱਕ ਵੀ ਗੱਲ ਆ ਸਕਦੀ ਹੈ, ਕੁਝ ਕਰਨਾ ਚਾਹੀਦਾ ਹੈ। ਜਿਸ ਵਕਤ ਅਫਸਰਾਂ ਦੇ ਖਿਲਾਫ ਕਾਰਵਾਈ ਸ਼ੁਰੂ ਹੁੰਦੀ ਦਿਖਾਈ ਦਿੱਤੀ ਤਾਂ ਸਾਰਾ ਕੋੜਮਾ ਇਕੱਠਾ ਹੋ ਕੇ ਸਰਕਾਰ ਦੇ ਵਿਰੁੱਧ ਮੋਰਚੇਬੰਦੀ ਦਾ ਦਾਅ ਖੇਡਣ ਤੁਰ ਪਿਆ। ਇਹ ਗੱਲ ਅਫਸਰਾਂ ਨੂੰ ਭੁੱਲ ਗਈ ਕਿ ਜਿਸ ਕੇਸ ਤੋਂ ਬਹੁਤਾ ਰੌਲਾ ਪਿਆ ਸੀ, ਮੋਹਾਲੀ ਦੇ ਉਸ ਵੱਡੇ ਸਨਅਤੀ ਪਲਾਟ ਨੂੰ ਕਾਲੋਨੀ ਵਿੱਚ ਬਦਲ ਕੇ ਕਰੋੜਾਂ ਦੀ ਕਮਾਈ ਕਰਨ ਵਿੱਚ ਪਿਛਲੀ ਸਰਕਾਰ ਦੇ ਇੱਕ ਬਦਨਾਮ ਮੰਤਰੀ ਨਾਲ ਜਿਨ੍ਹਾਂ ਅਫਸਰਾਂ ਨੇ ਫਾਈਲਾਂ ਕਲੀਅਰ ਕੀਤੀਆਂ ਸਨ, ਉਸ ਕਾਲੋਨੀ ਦੇ ਪਲਾਟ ਮਾਲਕਾਂ ਦੀ ਲਿਸਟ ਵਿੱਚ ਉਨ੍ਹਾਂ ਅਫਸਰਾਂ ਦੇ ਘਰਾਂ ਦੇ ਜੀਆਂ ਦੇ ਨਾਂਅ ਬੋਲਦੇ ਹਨ। ਸਿੱਧੇ ਪੈਸੇ ਨਹੀਂ ਲਏ, ਕਰੋੜਾਂ ਦੇ ਪਲਾਟ ਲੈ ਲਏ ਸਨ ਤਾਂ ਕਾਗਜ਼ੀ ਸਬੂਤ ਹੋਣ ਕਾਰਨ ਉਨ੍ਹਾਂ ਖਿਲਾਫ ਕੇਸ ਬਣਨੇ ਸਨ। ਇਸ ਹਾਲ ਵਿੱਚ ਉਨ੍ਹਾਂ ਨੂੰ ਅਦਾਲਤ ਦਾ ਰਾਹ ਫੜਨਾ ਚਾਹੀਦਾ ਸੀ, ਉਹ ਅਣ-ਐਲਾਨੀ ਹੜਤਾਲ ਨਾਲ ਸਰਕਾਰ ਨੂੰ ਤੰਗ ਕਰਨ ਦੇ ਰਾਹ ਪੈਣ ਲੱਗ ਪਏ, ਜਿਸ ਬਾਰੇ ਮੁੱਖ ਮੰਤਰੀ ਨੇ ਆਪਣੀ ਚਿੱਠੀ ਵਿੱਚ ਬਲੈਕ-ਮੇਲਿੰਗ ਦਾ ਸ਼ਬਦ ਵਰਤਿਆ ਹੈ। ਏਦਾਂ ਦੀ ਬਲੈਕਮੇਲਿੰਗ ਵਿਰੁੱਧ ਕਾਨੂੰਨੀ ਕਾਰਵਾਈ ਦਾ ਜਿਹੜਾ ਪੈਂਤੜਾ ਮੁੱਖ ਮੰਤਰੀ ਨੇ ਲਿਆ, ਉਸ ਤੋਂ ਪੰਜਾਬ ਦੇ ਲੋਕ ਖੁਸ਼ ਦਿਖਾਈ ਦਿੱਤੇ ਹਨ।

ਪੰਜਾਬ ਦੇ ਅਫਸਰਾਂ ਨੂੰ ਇਹ ਸੋਚ ਨਹੀਂ ਆਈ ਕਿ ਇਹੋ ਜਿਹਾ ਹੜਤਾਲ ਵਰਗਾ ਕਦਮ ਜਦੋਂ ਚੁੱਕਿਆ ਜਾਵੇ ਤਾਂ ਇਸ ਦਾ ਅਸਰ ਪੰਜਾਬ ਤੱਕ ਸੀਮਤ ਨਹੀਂ ਰਹਿ ਸਕਦਾ। ਜਿਸ ਦਿਨ ਪੰਜਾਬ ਵਿੱਚ ਅਫਸਰਾਂ ਨੇ ਏਦਾਂ ਦਾ ਕਦਮ ਚੁੱਕਿਆ ਸੀ, ਉਸੇ ਦਿਨ ਬਿਹਾਰ ਵਿੱਚ ਉਨ੍ਹਾਂ ਵਰਗਾ ਇੱਕ ਅਧਿਕਾਰੀਫੜਿਆ ਗਿਆ ਸੀ, ਓਥੇ ਵੀ ਅਫਸਰ ਪੰਜਾਬ ਦੇ ਅਫਸਰਾਂ ਵਾਲੇ ਰਾਹ ਪੈ ਸਕਦੇ ਸਨ। ਇੱਕ ਹਫਤਾ ਪਹਿਲਾਂ ਮਹਾਰਾਸ਼ਟਰ ਦੀ ਭਾਜਪਾ ਸਰਕਾਰ ਹੇਠਹੋਏ ਟੀਚਰ ਇਲੀਜੀਬਿਲਟੀ ਟੈੱਸਟ ਵਿੱਚ ਭ੍ਰਿਸ਼ਟਾਚਾਰ ਦੇ ਦੋਸ਼ ਵਿੱਚ ਇਨ੍ਹਾਂ ਵਰਗਾ ਇੱਕ ਅਫਸਰ ਫੜਿਆ ਗਿਆ ਸੀ। ਰਾਜਸਥਾਨ ਵਿੱਚ ਨੌਕਰੀਆਂ ਦੇਣ ਦੇ ਟੈੱਸਟ ਵੇਲੇ ਪੇਪਰ ਲੀਕੇਜ ਕਾਂਡ ਹੋਇਆ ਤੇ ਓਦੋਂ ਹੀ ਹਿਮਾਚਲ ਪ੍ਰਦੇਸ਼ ਵਿੱਚ ਏਦਾਂ ਦਾ ਇੱਕ ਕੇਸ ਹੋਇਆ ਸੀ ਤੇ ਉਨ੍ਹਾਂ ਦੋਵਾਂ ਕਾਂਗਰਸੀ ਸਰਕਾਰਾਂ ਵਾਲੇ ਰਾਜਾਂ ਦੀ ਪੁਲਸ ਨੇ ਵੀ ਅਫਸਰ ਗ੍ਰਿਫਤਾਰ ਕੀਤੇ ਸਨ। ਪੰਜਾਬ ਵਾਲਾ ਕਦਮ ਓਥੋਂ ਦੇ ਅਫਸਰ ਵੀ ਚੁੱਕਣ ਦੀ ਧਮਕੀ ਦੇ ਸਕਦੇ ਸਨ। ਮੱਧ ਪ੍ਰਦੇਸ਼ ਵਿੱਚ ਦੋ ਅਫਸਰ ਪਤੀ-ਪਤਨੀ ਭ੍ਰਿਸ਼ਟਾਚਾਰ ਕਰਨ ਦੇ ਦੋਸ਼ ਵਿੱਚ ਫੜੇ ਗਏ ਤਾਂ ਉਨ੍ਹਾਂ ਦੇ ਡਬਲ-ਬੈੱਡ ਹੇਠਲੇ ਬਕਸੇ ਵਿੱਚੋਂ ਨੋਟਾਂ ਦੇ ਢੇਰ ਨਿਕਲੇ ਸਨ। ਝਾਰਖੰਡ ਦੀ ਇੱਕ ਬਹੁ-ਚਰਚਿਤ ਮਹਿਲਾ ਅਫਸਰ ਭ੍ਰਿਸ਼ਟਾਚਾਰ ਦੇ ਦੋਸ਼ ਵਿੱਚ ਗ੍ਰਿਫਤਾਰ ਕੀਤੀ ਗਈ ਸੀ। ਵੱਖ-ਵੱਖ ਰਾਜਾਂ ਵਿੱਚ ਸਰਕਾਰ ਭਾਵੇਂ ਭਾਜਪਾ ਦੀ ਹੋਵੇ, ਕਾਂਗਰਸ ਦੀ ਜਾਂ ਕਿਸੇ ਵੀ ਹੋਰ ਪਾਰਟੀ ਦੀ, ਸਾਰਿਆਂ ਨੂੰ ਪੰਜਾਬ ਦੇ ਅਫਸਰਾਂ ਵਾਲੀ ਹੜਤਾਲ ਦੇ ਕਦਮ ਤੋਂ ਹੈਰਾਨੀ ਹੋਈ ਅਤੇ ਸਾਨੂੰ ਪਤਾ ਲੱਗਾ ਹੈ ਕਿ ਸਾਰਿਆਂ ਨੂੰ ਪੰਜਾਬ ਦੇ ਮੁੱਖ ਮੰਤਰੀ ਦਾਏਦਾਂ ਦਾ ਕਦਮ ਠੀਕ ਲੱਗਾ ਹੈ। ਇਸ ਤਰ੍ਹਾਂ ਅਫਸਰਾਂ ਦੀ ਹੜਤਾਲ ਦੀ ਖੇਡ ਉਨ੍ਹਾਂ ਰਾਜਾਂ ਤੱਕ ਵੀ ਜਾ ਸਕਦੀ ਸੀ ਤੇ ਫਿਰ ਭਾਰਤ ਦੇ ਹਰ ਰਾਜ ਦੀ ਸਰਕਾਰ ਇੱਕ ਤਰ੍ਹਾਂ ਅਫਸਰੀ ਬਲੈਕਮੇਲ ਦਾ ਸ਼ਿਕਾਰ ਹੋ ਕੇ ਖੂੰਜੇ ਲੱਗਣ ਦੀ ਨੌਬਤ ਆ ਸਕਦੀ ਸੀ।

ਅਸੀਂ ਫਿਰ ਕਹੀਏ ਕਿ ਅਫਸਰ ਸਰਕਾਰ ਦੀ ਕਾਰਕਰਦਗੀ ਦਾ ਮੁੱਖ ਧੁਰਾ ਹੁੰਦੇ ਹਨ ਤੇ ਇਨ੍ਹਾਂ ਦਾ ਹਰ ਤਰ੍ਹਾਂ ਦਾ ਬਣਦਾ ਸਤਿਕਾਰ ਕਾਇਮ ਰੱਖਿਆ ਜਾਣਾ ਚਾਹੀਦਾ ਹੈ, ਪਰ ਇਨ੍ਹਾਂ ਨੂੰ ਵੀ ਏਦਾਂ ਵਿਹਾਰ ਕਰਨ ਤੋਂ ਬਚਣ ਦੀ ਲੋੜ ਹੈ ਕਿ ਉਹ ਕਿਸੇ ਸਿਆਸੀ ਧਿਰ ਦੇ ਪੱਖ ਜਾਂ ਵਿਰੋਧ ਵਿੱਚ ਚੱਲਦੇ ਨਾ ਜਾਪਣ ਲੱਗ ਪੈਣ। ਪੰਜਾਬ ਦੇ ਕੇਸ ਵਿੱਚ ਸਾਨੂੰ ਇਹ ਯਾਦ ਰੱਖਣਾ ਚਾਹੀਦਾ ਹੈ ਕਿ ਏਥੇ ਪਹਿਲਾਂ ਵੀ ਅਫਸਰ ਫੜੇ ਜਾਂਦੇ ਰਹੇ ਹਨ, ਪਰ ਉਨ੍ਹਾਂ ਲਈ ਕਦੀ ਵੀ ਏਦਾਂ ਹੜਤਾਲ ਕਰਨ ਵਰਗੀ ਲਾਮਬੰਦੀ ਨਹੀਂ ਸੀ ਹੋਈ। ਹਰਿਆਣੇ ਦਾ ਸਾਬਕਾ ਮੁੱਖ ਮੰਤਰੀ ਓਮ ਪ੍ਰਕਾਸ਼ ਚੌਟਾਲਾ ਜਦੋਂ ਭ੍ਰਿਸ਼ਟਾਚਾਰ ਦੇ ਦੋਸ਼ ਵਿੱਚ ਦਸ ਸਾਲ ਦੀ ਕੈਦ ਭੁਗਤਣ ਲਈ ਜੇਲ੍ਹ ਭੇਜਿਆ ਗਿਆ, ਉਸ ਦੇ ਨਾਲ ਵੀ ਕਈ ਅਫਸਰਾਂ ਨੂੰ ਜੇਲ੍ਹ ਭੇਜਿਆ ਗਿਆ ਸੀ, ਪਰ ਏਦਾਂ ਦੀ ਹੜਤਾਲ ਨਹੀਂ ਸੀ ਹੋਈ। ਸਾਡੇ ਪੰਜਾਬ ਦੇ ਆਈ ਏ ਐੱਸ ਅਫਸਰ ਕਾਹਨ ਸਿੰਘ ਪਨੂੰ ਨੂੰ ਹੇਮਕੁੰਟ ਸਾਹਿਬ ਵਿੱਚ ਜਿੰਦਾਂ ਬੇਇੱਜ਼ਤ ਕੀਤਾ ਜਾਂ ਕਰਵ-ਾਇਆ ਗਿਆ ਸੀ, ਉਸ ਦੇ ਪਿੱਛੇ ਕਿਸੇ ਅਫਸਰ ਨੇ ਕੋਈ ਹੜਤਾਲ ਨਹੀਂ ਸੀ ਕੀਤੀ। ਭ੍ਰਿਸ਼ਟਾਚਾਰ ਦੇ ਕੇਸਾਂ ਵਿੱਚ ਫਸਦੇ ਅਫਸਰਾਂ ਦੇ ਪੱਖ ਵਿੱਚ ਹੜਤਾਲ ਦਾ ਕਦਮ ਚੁੱਕ ਕੇ ਪੰਜਾਬ ਦੀ ਸਿਵਲ ਅਫਸਰਸ਼ਾਹੀ ਨੇ ਅਜੀਬ ਕਿਸਮ ਦਾ ਯਰਕਾਊ ਕੰਮ ਕਰਨ ਦਾ ਯਤਨ ਕੀਤਾ ਹੈ। ਅਫਸਰਾਂ ਨੂੰ ਇਹ ਚੇਤਾ ਨਾ ਰਿਹਾ ਕਿ ਕੱਲ੍ਹ ਨੂੰ ਉਹ ਆਪਣੇ ਦਫਤਰ ਦੇ ਕਿਸੇ ਕਰਮਚਾਰੀ ਦੇ ਖਿਲਾਫ ਕਿਸੇ ਵਕਤ ਸਖਤੀ ਦਾ ਕੋਈ ਕਦਮ ਚੁੱਕਣਗੇ ਤਾਂ ਓਥੇ ਵੀ ਸਾਰੇ ਕਰਮਚਾਰੀ ਹੜਤਾਲ ਕਰ ਦਿੱਤਾ ਕਰਨਗੇ ਤੇ ਸਰਕਾਰੀ ਕੰਮ-ਕਾਜ ਚੱਲਣ ਦੀ ਕੋਈ ਗੁੰਜਾਇਸ਼ ਹੀ ਨਹੀਂ ਰਹਿ ਜਾਵੇਗੀ। ਏਹੋ ਜਿਹੇ ਕਦਮ ਨੂੰ ਮੁੱਖ ਮੰਤਰੀ ਵਾਂਗ ਅਸੀਂ ਬਲੈਕਮੇਲਿੰਗ ਨਾਵੀ ਕਹੀਏ ਤਾਂ ਇਸ ਕਦਮ ਦਾ ਸਿੱਟਾ ਇੱਕ ਇਹੋ ਜਿਹੀ ਬਦ-ਅਮਨੀ ਜਾਂ ਅਰਾਜਕਤਾ ਵਿੱਚ ਨਿਕਲਣਾ ਸੀ, ਜਿਹੜੀ ਪਹਿਲਾਂ ਤੋਂ ਮੁਸ਼ਕਲਾਂ ਦੀ ਮਾਰ ਹੇਠ ਆਏ ਹੋਏ ਪੰਜਾਬ ਦੇ ਲੋਕਾਂ ਦੀਆਂ ਮੁਸੀਬਤਾਂ ਹੋਰ ਵਧਾ ਸਕਦੀ ਸੀ। ਇਸ ਕਰ ਕੇ ਅਫਸਰਸ਼ਾਹੀ ਨੂੰ ਇਸਕੌੜੇ ਤਜਰਬੇ ਤੋਂ ਬਾਅਦ ਪੰਜਾਬ ਦੇ ਲੋਕਾਂ ਦੀ ਹਕੀਕੀ ਸੇਵਾ ਵੱਲ ਧਿਆਨ ਦੇ ਕੇ ਆਪਣਾ ਅਕਸ ਸੁਧਾਰਨਾ ਚਾਹੀਦਾ ਹੈ।

ਦੂਸਰੇ ਪਾਸੇ ਇਸ ਤੋਂ ਹਟਵਾਂ ਪੱਖ ਇਹ ਵੀ ਹੈ ਕਿ ਪੰਜਾਬ ਦੇ ਕੁਝ ਮੰਤਰੀ ਅਤੇ ਕੁਝ ਵਿਧਾਇਕ ਵੀ ਹਾਲਾਤ ਦੇ ਵਹਿਣ ਨੂੰ ਸਮਝ ਨਹੀਂ ਰਹੇ ਅਤੇ ਦਸ ਮਹੀਨੇ ਸਰਕਾਰ ਬਣੀ ਨੂੰ ਹੋਣ ਪਿੱਛੋਂ ਵੀ ਉਹ ਚੱਜ-ਆਚਾਰ ਸਿੱਖਣ ਵਾਲਾ ਕੋਈ ਸਬੂਤ ਨਹੀਂ ਦੇ ਰਹੇ, ਜਿਹੜਾ ਉਨ੍ਹਾਂ ਨੂੰ ਦੇਣਾ ਚਾਹੀਦਾ ਹੈ। ਅਣਕਿਆਸੀ ਜਿੱਤ ਹੋਣਨਾਲਕੁਝ ਏਦਾਂ ਦੇ ਲੋਕ ਮੰਤਰੀ ਦੇ ਰੁਤਬੇ ਤੱਕ ਪਹੁੰਚ ਗਏ ਹਨ, ਜਿਹੜੇ ਅਜੇ ਤੱਕ ਆਪਣੇ ਅਹੁਦੇ ਦੀਆਂ ਸਰਕਾਰੀ ਜ਼ਿੰਮੇਵਾਰੀਆਂ ਨੂੰ ਨਹੀਂ ਸਮਝ ਸਕੇ ਤੇ ਇਖਲਾਕੀ ਜ਼ਿਮੇਵਾਰੀ ਵੱਲ ਵੀ ਧਿਆਨ ਦੇਣਾ ਨਹੀਂ ਜਾਣਦੇ। ਉਨ੍ਹਾਂ ਦੀ ਨਕੇਲ ਉਨ੍ਹਾਂ ਅਫਸਰਾਂ ਅਤੇ ਪਿਛਲੀ ਸਰਕਾਰ ਦੇ ਕੁਝ ਮੰਤਰੀਆਂ ਦੇ ਏਜੰਟਾਂ ਦੇ ਹੱਥਾਂ ਵਿੱਚ ਹੈ, ਜਿਹੜੇ ਮਨ-ਆਈਆਂ ਕਰ ਕੇ ਲੋਕਾਂ ਵਿੱਚ ਸਰਕਾਰ ਦੀ ਬਦਨਾਮੀ ਵਧਣ ਦਾ ਕਾਰਨ ਪਹਿਲਾਂ ਬਣਦੇ ਰਹੇ ਸਨ। ਏਥੋਂ ਤੱਕ ਕਿ ਕੁਝ ਵਿਭਾਗਾਂ ਵਿੱਚ ਅਫਸਰਾਂ ਨੇ ਆਪਣੇ ਨਾਲ ਹੱਥ ਰਲੇ ਹੋਣ ਵਾਲੇ ਬਹੁਤ ਸਾਰੇ ਪੁਰਾਣੇ ਚਾਟੜਿਆਂ ਨੂੰ ਫਿਰ ਵਿਭਾਗੀ ਕਮੇਟੀਆਂ ਵਿੱਚ ਪਾ ਲਿਆ ਜਾਂ ਉਨ੍ਹਾਂ ਪੋਸਟਾਂ ਉੱਤੇ ਲਿਆ ਬਿਠਾਇਆ ਹੈ, ਜਿਨ੍ਹਾਂ ਉੱਤੇ ਹੋਰ ਲੋਕ ਹੋਣੇ ਚਾਹੀਦੇ ਸਨ। ਇਸ ਦਾ ਪਤਾ ਲੱਗਣ ਦੇ ਬਾਵਜੂਦ ਮੰਤਰੀ ਉਨ੍ਹਾਂ ਅਫਸਰਾਂ ਦੇ ਵੱਲ ਕੌੜੀ ਅੱਖ ਨਾਲ ਵੇਖਣ ਦੀ ਜੁਰਅੱਤ ਨਹੀਂ ਸਨ ਕਰ ਸਕੇ। ਸਰਕਾਰ ਜਿੰਦਾਂ ਦੀ ਵੀ ਚੱਲਦੀ ਰਹੀ, ਅਫਸਰਾਂ ਨੂੰ ਕਿਸੇ ਨੇ ਕੁਝ ਨਹੀਂ ਪੁੱਛਣਾ, ਜਦੋਂ ਲੋਕਾਂ ਵਿੱਚ ਜਾਣਾ ਪਿਆ, ਹਰ ਚੰਗੇ-ਮਾੜੇ ਕੰਮ ਦਾ ਲੇਖਾ ਮੰਤਰੀਆਂ ਤੇ ਵਿਧਾਇਕਾਂ ਨੂੰ ਦੇਣਾ ਪੈਣਾ ਹੈ, ਜੇ ਉਨ੍ਹਾਂ ਨੂੰ ਇਸ ਗੱਲ ਦਾ ਚੇਤਾ ਨਾ ਰਿਹਾ ਤਾਂ ਉਹ ਸਰਕਾਰ ਨਹੀਂ ਚਲਾ ਸਕਣਗੇ, ਅਫਸਰਾਂ ਦੇ ਕਾਰਿੰਦੇ ਜਿਹੇ ਬਣ ਕੇ ਰਹਿ ਜਾਣਗੇ। ਜਿਹੜੀ ਗੱਲ ਅਸੀਂ ਅਖੀਰ ਵਿੱਚ ਕਹਿਣੀ ਚਾਹੁੰਦੇ ਹਾਂ, ਉਹ ਇਹ ਕਿ ਸਾਰੇ ਅਫਸਰ ਇੱਕੋ ਜਿਹੇ ਨਹੀਂ ਹੁੰਦੇ, ਪੰਜਾਬ ਦੀ ਅਫਸਰਸ਼ਾਹੀ ਵਿੱਚ ਵੀ ਕੁਝ ਚੰਗੇ ਲੋਕ ਹਨ, ਪਰ ਪਿਛਲੀਆਂ ਸਰਕਾਰਾਂ ਦੌਰਾਨ ਨੁੱਕਰੀਂ ਲਾ ਕੇ ਰੱਖੇ ਜਾਂਦੇ ਰਹੇ ਸਨ, ਉਨ੍ਹਾਂ ਨੂੰ ਅੱਗੇ ਲਿਆ ਕੇ ਪਰਖਿਆ ਜਾਵੇ ਤਾਂ ਹਾਲਾਤ ਸੁਧਾਰਨ ਦੀ ਆਸ ਵਧ ਸਕਦੀ ਹੈ।

ਅਫਸਰਸ਼ਾਹੀ ਵੱਲੋਂ ਚੁੱਕੇ ਯਰਕਾਊ ਕਦਮਾਂ ਅੱਗੇ ਮੁੱਖ ਮੰਤਰੀ ਵੱਲੋਂ ਲਾਇਆ ਗਿਆ ਬੈਰੀਕੇਡ ਲੰਮੇ ਸਮੇਂ ਲਈ ਇਸ ਰਾਜ ਦੀ ਸਿਆਸੀ ਲੀਡਰਸ਼ਿਪ ਅਤੇ ਪ੍ਰਸ਼ਾਸਨ ਦੇ ਤਾਲਮੇਲ ਲਈ ਸੁਖਾਵੇਂ ਸਿੱਟੇ ਕੱਢ ਸਕਦਾ ਹੈ।




NEED A LAWYER ??
KAUR LAW OFFICE
Red Seal NOTARY



MANJEET KAUR
LL.B., (London UK)
Barrister, Solicitor & Notary Public

REAL ESTATE LAWYER
- Residential & Commercial
- Sale/Purchase of House
- Mortgage & Refinancing
- Drafting/Reviewing Agreements
- Title Transfer
- 2nd Mortgage

IMMIGRATION
- Skilled Worker Category
- Spousal & Family Sponsorship
- Student Permits Visa & Renewals
- PR Renewal/ Citizenship Application

FAMILY LAWYER
- Child & Spousal support
- Custody & Access
- Divorce
- Equalization

BUSINESS LAW
- Incorporation & Shareholder agreements
- Sales & Purchase of Assets & Shares
- Notarization & Affidavits

WILLS & ESTATE
- Wills
- Certificate of Estate Trustee with/without Will
- Power of attorney for Property & Personal Care

Tel : 905-454-0099
Fax: 905-454-2234
2575 Steeles Ave. E., Unit 1,Brampton, ON L6T 5T1


# ਪੰਜਾਬ ਪੁਲਿਸ ਵੱਲੋਂ ਗੋਲਡੀ ਬਰਾੜ ਨਾਲ ਸੰਬੰਧਿਤ ਕਾਰਕੁਨ ਹਿਮਾਚਲ ਪ੍ਰਦੇਸ਼ ਤੋਂ ਗ੍ਰਿਫਤਾਰ

-ਗ੍ਰਿਫਤਾਰ ਮੁਲਜ਼ਮ ਪਰਦੀਪ ਸਿੰਘ ਦੀ ਟਾਰਗੇਟ ਕਿਲਿੰਗ 'ਚ ਸ਼ਾਮਲ : ਡੀਜੀਪੀ ਗੌਰਵ ਯਾਦਵ

-ਪੰਜਾਬ ਪੁਲਿਸ ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਚਨਬੱਧ

ਚੰਡੀਗੜ੍ਹ, 15 ਜਨਵਰੀ (ਪੋਸਟ ਬਿਊਰੋ): ਮੁੱਖ ਮੰਤਰੀ ਭਗਵੰਤ ਮਾਨ ਦੇ ਦਿਸ਼ਾ-ਨਿਰਦੇਸ਼ਾਂ 'ਤੇ ਸਮਾਜ ਵਿਰੋਧੀ ਅਨਸਰਾਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਦੇ ਹਿੱਸੇ ਵਜੋਂ ਪੰਜਾਬ ਪੁਲਿਸ ਨੇ ਕੈਨੇਡਾ ਅਧਾਰਤ ਗੈਂਗਸਟਰ ਗੋਲਡੀ ਬਰਾੜ ਦੇ ਸਰਗਰਮ ਕਾਰਕੁਨ ਨੂੰ ਸੁੰਦਰ ਨਗਰ, ਹਿਮਾਚਲ ਪ੍ਰਦੇਸ਼ ਤੋਂ ਗ੍ਰਿਫਤਾਰ ਕੀਤਾ ਹੈ। ਡੀਜੀਪੀ ਪੰਜਾਬ ਗੌਰਵ ਯਾਦਵ ਨੇ ਦੱਸਿਆ ਕਿ ਗ੍ਰਿਫ਼ਤਾਰ ਮੁਲਜ਼ਮ ਦੀ ਪਛਾਣ ਇੰਦਰਪ੍ਰੀਤ ਸਿੰਘ ਉਰਫ ਪੈਰੀ (32) ਵਾਸੀ ਚੰਡੀਗੜ੍ਹ ਵਜੋਂ ਹੋਈ ਹੈ।

ਪੈਰੀ 2011 ਵਿੱਚ ਡੀਏਵੀ ਕਾਲਜ, ਚੰਡੀਗੜ੍ਹ ਵਿੱਚ ਆਪਣੇ ਕਾਲਜ ਦੇ ਦਿਨਾਂ ਦੌਰਾਨ ਗੋਲਡੀ ਬਰਾੜ ਅਤੇ ਲਾਰੈਂਸ ਬਿਸ਼ਨੋਈ ਦੇ ਸੰਪਰਕ ਵਿੱਚ ਆਇਆ ਸੀ ਅਤੇ ਉਸਦੇ ਖਿਲਾਫ ਪੰਜਾਬ ਅਤੇ ਹਰਿਆਣਾ ਵਿੱਚ ਕਤਲ ਅਤੇ ਕਤਲ ਦੀ ਕੋਸ਼ਿਸ਼ ਦੇ ਦਰਜਨ ਤੋਂ ਵੱਧ ਮਾਮਲੇ ਦਰਜ ਹਨ।

ਗ੍ਰਿਫਤਾਰ ਮੁਲਜ਼ਮ ਦੀ ਸ਼ਮੂਲੀਅਤ ਪਰਦੀਪ ਸਿੰਘ ਦੀ ਟਾਰਗੇਟ ਕਿਲਿੰਗ ਵਿੱਚ ਵੀ ਦੱਸੀ ਜਾ ਰਹੀ ਹੈ, ਜਿਸ ਨੂੰ 10 ਨਵੰਬਰ, 2022 ਨੂੰ ਕੋਟਕਪੂਰਾ ਵਿੱਚ ਉਸਦੀ ਦੁਕਾਨ ਦੇ ਬਾਹਰ ਛੇ ਵਿਅਕਤੀਆਂ ਵੱਲੋਂ ਮਾਰ ਦਿੱਤਾ ਗਿਆ ਸੀ। ਲਾਰੈਂਸ ਬਿਸ਼ਨੋਈ ਦੇ ਪੁਲਿਸ ਹਿਰਾਸਤ ਵਿੱਚੋਂ ਭੱਜਣ ਸਮੇਂ ਵੀ ਉਸਦੀ ਅਹਿਮ ਭੂਮਿਕਾ ਰਹੀ ਸੀ।

ਉਨ੍ਹਾਂ ਕਿਹਾ ਕਿ ਯੋਜਨਾਬੱਧ ਤਫ਼ਤੀਸ਼ ਅਤੇ ਮਿਲੇ ਸੁਰਾਗਾਂ ਤੋਂ ਬਾਅਦ ਐਸਐਸਓਸੀ ਮੁਹਾਲੀ ਦੀਆਂ ਪੁਲਿਸ ਟੀਮਾਂ ਨੇ ਹਿਮਾਚਲ ਪ੍ਰਦੇਸ਼ ਵਿੱਚ ਪੈਰੀ ਦੇ ਟਿਕਾਣੇ ਦਾ ਪਤਾ ਲਗਾਇਆ ਅਤੇ ਸਥਾਨਕ ਪੁਲਿਸ ਦੀ ਮਦਦ ਨਾਲ ਉਸਨੂੰ ਸੁੰਦਰ ਨਗਰ ਵਿਖੇ ਇੱਕ ਹੋਟਲ ਤੋਂ ਗ੍ਰਿਫਤਾਰ ਕਰ ਲਿਆ।

ਪਰਦੀਪ ਸਿੰਘ ਦੀ ਟਾਰਗੇਟ ਕਿਲਿੰਗ ਵਿੱਚ ਪੈਰੀ ਦੀ ਭੂਮਿਕਾ ਦਾ ਖੁਲਾਸਾ ਕਰਦਿਆਂ ਡੀਜੀਪੀ ਨੇ ਦੱਸਿਆ ਕਿ 7 ਨਵੰਬਰ 2022 ਨੂੰ ਗੋਲਡੀ ਬਰਾੜ ਦੇ ਨਿਰਦੇਸ਼ਾਂ 'ਤੇ ਪੈਰੀ ਨੇ ਹਰਸ਼ਵੀਰ ਸਿੰਘ ਬਾਜਵਾ ਨੂੰ 20,000 ਰੁਪਏ ਨਕਦ ਦਿੱਤੇ ਅਤੇ ਇਹ ਰਕਮ ਮਨਪ੍ਰੀਤ ਸਿੰਘ ਉਰਫ਼ ਮਨੀ, ਜੋ ਪਰਦੀਪ ਸਿੰਘ ਕਤਲ ਕਾਂਡ ਦਾ ਮੁਲਜ਼ਮ ਹੈ, ਦੇ ਖਾਤੇ ਵਿੱਚ ਜਮ੍ਹਾ ਕਰਵਾਉਣ ਲਈ ਕਿਹਾ। ਹਰਸ਼ਵੀਰ ਅਤੇ ਮਨੀ ਨੂੰ ਪੰਜਾਬ ਪੁਲਿਸ ਪਹਿਲਾਂ ਹੀ ਗ੍ਰਿਫਤਾਰ ਕਰ ਚੁੱਕੀ ਹੈ। ਡੀਜੀਪੀ ਨੇ ਦੁਹਰਾਇਆ ਕਿ ਪੰਜਾਬ ਪੁਲਿਸ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਅਨੁਸਾਰ ਪੰਜਾਬ ਨੂੰ ਸੁਰੱਖਿਅਤ ਸੂਬਾ ਬਣਾਉਣ ਲਈ ਵਚਨਬੱਧ ਹੈ।

ਦੱਸਣਯੋਗ ਹੈ ਕਿ ਮੁਲਜ਼ਮ ਪੈਰੀ ਨੂੰ ਭਾਰਤੀ ਦੰਡਾਵਲੀ (ਆਈਪੀਸੀ) ਦੀਆਂ ਧਾਰਾਵਾਂ 153, 153-ਏ, 212, 216 ਅਤੇ 120-ਬੀ ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਪੁਲਿਸ ਸਟੇਸ਼ਨ ਐਸਐਸਓਸੀ, ਐਸਏਐਸ ਨਗਰ ਵਿਖੇ ਦਰਜ ਐਫਆਈਆਰ ਨੰਬਰ 7 ਮਿਤੀ 28.10.2022 ਵਿੱਚ ਗ੍ਰਿਫ਼ਤਾਰ ਕੀਤਾ ਗਿਆ ਹੈ।


RSFO
Ramgarhia Sikh Foundation of Ontario

ਬਾਬਾਣੀਆ ਕਹਾਣੀਆ ਪੁਤ ਸਪੁਤ ਕਰੇਨਿ।।
Ramgarhia Sikh Foundation of Ontario
10th International Award 2023
Dedicated to the 300th Birth Anniversary of Maharaja Jassa Singh Ramgarhia
300 ਸਾਲਾ ਮਹਾਰਾਜਾ ਰਾਮਗੜ੍ਹੀਆ ਦੇ ਨਾਮ

| | | |
|---|---|---|
| 19th May | Welcoming Guests | 10am |
| 19th May | Lunch | 1pm to 3pm |
| 20th May | Seminar | 10am to 4pm |
| 21th May | Presentation of Awards | 10am to 4pm |

on Friday, 19th May 2023
10:00am to 6:00pm
Century Gardens Recreations Complex (Auditorium 1)
340 Vodden Street East, Brampton, ON, L6V 2N2



Bhupinder Singh Seera (647) 833-6960
Ravinder Pal Singh Sond (647) 403-6767
Gurucharan Singh (Dubai) (416) 845-1019
Mohinder Singh Kundi (647) 294-1669
Harpal Singh Matharu (416) 579 3817
Jaswinder Singh Bhachu (416) 728 2776
Baldev Singh Mankoo (647) 2089729
Karnail Singh Marwaha (416) 567 5159

Daljit S. Gaidhu, Chairman, 416-305-9878
Jasbir S. Sehmbi, Vice Chairman, 437-774-1410
Manjit S. Bhachu, President, 416-275-2374
Jarnail S. Matharu, Treasurer, 416-409-6207
Hardial S. Jheeta, General Secretary, 647-409-8915

Address: 7956 Torbram Road #40, Bldg-B, Brampton, ON, L6T 5A2, Canada

# ਮੇਲਾ ਮਾਘੀ ਦਾ ਜਲੌਅ


ਪ੍ਰੋ. ਨਵ ਸੰਗੀਤ ਸਿੰਘ



ਮਾਘੀ ਦਾ ਤਿਉਹਾਰ ਪੂਰੇ ਭਾਰਤ ਵਿੱਚ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਂਦਾ ਹੈ। ਇਸ ਦਿਨ ਲੋਕੀਂ ਨਦੀਆਂ, ਦਰਿਆਵਾਂ ਅਤੇ ਸਰੋਵਰਾਂ ਆਦਿ ਵਿਚ ਇਸ਼ਨਾਨ ਕਰਨ ਨੂੰ ਉੱਤਮ ਸਮਝਦੇ ਹਨ। ਪ੍ਰਯਾਗ (ਇਲਾਹਾਬਾਦ) ਵਿੱਚ ਸੰਗਮ ਤੇ ਅਸਥਾਨ ਉੱਤੇ ਧਾਰਮਕ ਭਾਵਨਾਵਾਂ ਨਾਲ ਪੂਜਾ ਅਤੇ ਇਸ਼ਨਾਨ ਕੀਤਾ ਜਾਂਦਾ ਹੈ। ਮਾਘ ਦੇ ਮਹੀਨੇ ਬਾਰੇ ਗੁਰੂ ਗ੍ਰੰਥ ਸਾਹਿਬ ਵਿੱਚ ਇਹ ਜ਼ਿਕਰ ਮਿਲਦਾ ਹੈ:

*ਮਾਘਿ ਮਜਨੁ ਸੰਗਿ ਸਾਧੂਆ ਧੂੜੀ ਕਰਿ ਇਸਨਾਨੁ॥*
*ਹਰਿ ਕਾ ਨਾਮੁ ਧਿਆਇ ਸੁਣਿ ਸਭਨਾ ਨੋ ਕਰਿ ਦਾਨੁ॥*

(ਪੰਨਾ 136)

'ਪੋਹ ਰਿੱਧੀ ਮਾਘ ਖਾਧੀ' ਮੁਤਾਬਕ ਪੋਹ ਦੇ ਆਖ਼ਰੀ ਦਿਨ ਬਣਾਈ ਖਿਚੜੀ, ਖੀਰ ਜਾਂ ਕੋਈ ਹੋਰ ਵਸਤੂ ਅਗਲੇ ਦਿਨ, ਭਾਵ ਮਾਘ ਵਿਚ ਖਾਣਾ ਸ਼ੁਭ ਮੰਨਿਆ ਜਾਂਦਾ ਹੈ।

ਪੰਜਾਬ ਵਿੱਚ ਮਾਘੀ ਦਾ ਤਿਉਹਾਰ ਕਈ ਥਾਈਂ ਮਨਾਇਆ ਜਾਂਦਾ ਹੈ। ਪਰ ਮੁਕਤਸਰ ਵਿਖੇ ਇਹ ਮੇਲਾ ਧਾਰਮਕ ਜੋਸ਼ੋ- ਖਰੋਸ਼ ਅਤੇ ਪੂਰੇ ਜਲੌਅ ਨਾਲ ਮਨਾਇਆ ਜਾਂਦਾ ਹੈ। ਸ਼ਹਿਰ ਵਿੱਚ ਨਗਰ ਕੀਰਤਨ ਦਾ ਆਯੋਜਨ ਹੁੰਦਾ ਹੈ ਅਤੇ ਨਿਹੰਗ ਸਿੰਘਾਂ ਅਤੇ ਹੋਰ ਜਥੇਬੰਦੀਆਂ ਵੱਲੋਂ ਮਹੱਲੇ ਅਤੇ ਗੱਤਕੇ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਾਂਦਾ ਹੈ। ਮੁਕਤਸਰ ਦੇ ਗੁਰਦੁਆਰਾ ਟੁੱਟੀ ਗੰਢੀ ਦੇ ਸਰੋਵਰ ਵਿੱਚ ਪਹਿਲੀ ਮਾਘ ਦੀ ਆਮਦ ਤੇ ਮੂੰਹ ਹਨੇਰੇ ਹੀ ਇਸ਼ਨਾਨ ਕਰਨਾ ਪਵਿੱਤਰ ਸਮਝਿਆ ਜਾਂਦਾ ਹੈ। ਗੁਰੂ ਗੋਬਿੰਦ ਸਿੰਘ ਜੀ (1666-1708 ਈ।) ਦੇ ਸਮੇਂ ਵਿੱਚ ਇਸ ਸ਼ਹਿਰ ਦਾ ਨਾਂ ਖਿਦਰਾਣਾ ਸੀ ਅਤੇ ਇੱਥੇ ਪਾਣੀ ਦਾ ਸੋਮਾ ਹੋਣ ਕਰਕੇ ਇਸ ਨੂੰ 'ਖਿਦਰਾਣੇ ਦੀ ਢਾਬ' ਕਿਹਾ ਜਾਂਦਾ ਸੀ। ਮੌਜੂਦਾ ਸਮੇਂ ਇਹ ਪੰਜਾਬ ਦਾ ਇੱਕ ਜ਼ਿਲ੍ਹਾ ਬਣ ਚੁੱਕਾ ਹੈ ਤੇ ਇਸ ਨੂੰ ਸ੍ਰੀ ਮੁਕਤਸਰ ਸਾਹਿਬ ਦਾ ਨਾਂ ਦਿੱਤਾ ਗਿਆ ਹੈ।

ਦਸਮੇਸ਼ ਪਿਤਾ ਨੇ ਮੁਗ਼ਲਾਂ ਨਾਲ ਆਖਰੀ ਜੰਗ ਮਈ 1704 ਈ। ਵਿੱਚ ਇੱਥੇ ਹੀ ਲੜੀ ਸੀ। ਇੱਥੇ ਹੀ ਆਨੰਦਪੁਰ ਸਾਹਿਬ ਤੋਂ ਭਾਈ ਮਹਾਂ ਸਿੰਘ ਦੀ ਅਗਵਾਈ ਵਿਚ ਗੁਰੂ ਜੀ ਨੂੰ ਬੇਦਾਵਾ ਦੇ ਗਏ ਚਾਲੀ ਸਿੰਘਾਂ ਨੇ ਮਾਈ ਭਾਗੋ ਦੀ ਕਮਾਨ ਹੇਠ ਜੰਗ ਵਿੱਚ ਹਿੱਸਾ ਲਿਆ ਸੀ। ਇਸੇ ਥਾਂ ਗੁਰੂ ਜੀ ਨੇ ਭਾਈ ਮਹਾਂ ਸਿੰਘ ਦੇ ਸਾਹਮਣੇ ਬੇਦਾਵੇ ਦਾ ਕਾਗਜ਼ ਪਾੜ ਕੇ ਟੁੱਟੀ ਗੰਢ ਦਿੱਤੀ ਸੀ। ਦਸਮ ਪਾਤਸ਼ਾਹ ਨੇ ਜੰਗ ਵਿੱਚ ਜੂਝ ਮੋਏ ਸਿੰਘਾਂ ਦਾ ਆਪਣੇ ਹੱਥੀਂ ਸਸਕਾਰ ਕਰਕੇ ਇਸ ਧਰਤੀ ਨੂੰ 'ਮੁਕਤ-ਸਰ' ਦਾ ਨਾਂ ਦਿੱਤਾ ਸੀ। ਬੇਦਾਵੀਏ ਸਿੰਘਾਂ ਦੀ ਗੁਰੂ ਜੀ ਦੇ ਹੱਥੋਂ ਮੁਕਤੀ ਹੋਣ ਦੀ ਗਾਥਾ ਇਨ੍ਹਾਂ ਪੰਕਤੀਆਂ ਵਿਚ ਸੁੰਦਰ ਢੰਗ ਨਾਲ ਬਿਆਨੀ ਗਈ ਹੈ:

*ਖਿਦਰਾਣਾ ਕਰ ਮੁਕਤਸਰ ਮੁਕਤ ਮੁਕਤ ਸਭ ਕੀਨ।*
*ਹੋਇ ਸਾਬਤ ਜੂਝੈ ਜਥੈ ਬਡੋ ਮਰਤਬੋ ਲੀਨ।*

ਗੁਰੂ ਸਾਹਿਬ ਦੀ ਯਾਦ ਵਿੱਚ ਮੁਕਤਸਰ ਵਿਖੇ ਬਹੁਤ ਸਾਰੇ ਗੁਰ-ਦੁਆਰੇ ਸੁਭਾਇਮਾਨ ਹਨ, ਜੋ ਆਪ ਦੀ ਮੁਗਲੀਆ ਹਕੂਮਤ ਨਾਲ ਅੰਤਿਮ ਲੜਾਈ ਵਿਚ ਵਿਜੈ ਦੇ ਪ੍ਰਤੀਕ ਹਨ: ਗੁਰਦੁਆਰਾ ਟਿੱਬੀ ਸਹਿਬ ਉਹ ਸਥਾਨ ਹੈ, ਜਿੱਥੇ ਗੁਰੂ ਜੀ ਮੁਗਲ ਸੈਨਾ ਉੱਤੇ ਤੀਰਾਂ ਦੇ ਵਾਰ ਕਰਦੇ ਰਹੇ; ਗੁਰਦੁਆਰਾ ਤੰਬੂ ਸਾਹਿਬ ਉਹ ਥਾਂ ਹੈ, ਜਿੱਥੇ ਝਾੜੀਆਂ ਉੱਤੇ ਸਿੰਘਾਂ ਨੇ ਆਪਣੇ ਪਰਨੇ-ਕਛਹਿਰੇ ਸੁੱਕਣੇ ਪਾ ਕੇ ਮੁਗਲਾਂ ਨੂੰ ਯੁੱਧ ਲਈ ਲਲਕ-ਾਰਿਆ; ਗੁਰਦੁਆਰਾ ਟੁੱਟੀ ਗੰਢੀ ਵਿਖੇ ਗੁਰੂ ਜੀ ਨੇ ਭਾਈ ਮਹਾਂ ਸਿੰਘ ਦੇ ਸਾਹਵੇਂ ਬੇਦਾਵੇ ਦਾ ਕਾਗਜ਼ ਪਾੜਿਆ; ਗੁਰਦੁਆਰਾ ਸ਼ਹੀਦਗੰਜ ਵਿਖੇ ਗੁਰੂ ਜੀ ਨੇ ਆਪਣੇ ਹੱਥੀਂ ਚਾਲੀ ਮੁਕਤਿਆਂ ਦਾ ਸਸਕਾਰ ਕੀਤਾ।

ਮੈਂ ਬਚਪਨ ਤੋਂ ਹੀ ਆਪਣੇ ਪਿਤਾ ਜੀ ਨਾਲ ਮੇਲਾ ਮਾਘੀ ਦੇ ਦਿਨਾਂ (11 ਜਨਵਰੀ ਤੋਂ 15 ਜਨਵਰੀ) ਵਿੱਚ ਮੁਕਤਸਰ ਵਿਖੇ ਜੀਵਨ ਦੇ ਕਰੀਬ ਪੰਤਾਲੀ ਕੁ ਵਰ੍ਹੇ ਜਾਂਦਾ ਰਿਹਾ ਹਾਂ। ਮੇਰੇ ਪਿਤਾ ਗਿਆਨੀ ਕਰਤਾਰ ਸਿੰਘ (1921-2013) ਨੇ ਆਪਣੀ ਪੜ੍ਹਾਈ ਅਤੇ ਅਧਿਆਪਨ ਦਾ ਵਧੇਰੇ ਸਮਾਂ ਮੁਕਤਸਰ ਦੇ ਖ਼ਾਲਸਾ ਹਾਈ ਸਕੂਲ ਵਿਖੇ ਬਿਤਾਇਆ। ਇਸ ਸ਼ਹਿਰ ਨਾਲ ਖ਼ਾਸ ਲਗਾਓ ਹੋਣ ਕਰਕੇ ਉਨ੍ਹਾਂ ਨੇ ਆਪਣੇ ਨਾਂ ਨਾਲ 'ਮੁਕਤਸਰੀ' ਲਿਖਣਾ ਸ਼ੁਰੂ ਕਰ ਦਿੱਤਾ ਅਤੇ ਇਸ ਦੇ ਪ੍ਰਮਾਣ ਵਜੋਂ ਰਬੜ ਦੀ ਇੱਕ ਮੋਹਰ ਵੀ ਤਿਆਰ ਕਰਵਾਈ, ਜੋ ਅਜੇ ਤੱਕ ਮੇਰੇ ਕੋਲ ਸਾਂਭੀ ਹੋਈ ਹੈ। ਮੇਰੇ ਪਿਤਾ ਜੀ ਨੇ ਆਪਣੇ ਮੁੱਖ ਅਧਿਆਪਕ ਸ। ਇਕਬਾਲ ਸਿੰਘ ਦੀ ਸੰਗਤ ਵਿੱਚ ਪੰਜਵੀਂ ਵਿੱਚ ਪੜ੍ਹਦਿਆਂ ਹੀ ਮੇਲੇ ਦੇ ਦਿਨੀਂ ਸੰਗਤਾਂ ਦੀ ਸੇਵਾ ਵਿਚ ਜਾਣਾ ਸ਼ੁਰੂ ਕਰ ਦਿੱਤਾ ਸੀ। ਪਿੱਛੋਂ ਅਧਿਆਪਕ ਬਣਨ ਤੇ ਮੇਰੇ ਪਿਤਾ ਨੇ ਕੁਝ ਵਿਦਿਆਰਥੀਆਂ ਸਮੇਤ ਮੇਲੇ ਸਮੇਂ ਯਾਤਰੀਆਂ ਦੇ ਸਾਈਕਲ ਸੰਭਾਲਣ ਦੀ ਸੇਵਾ ਨਿਭਾਈ। ਹੌਲੀ-ਹੌਲੀ ਗੁਰਦੁਆਰੇ ਵੱਲੋਂ ਉਨ੍ਹਾਂ ਦੀ ਪੱਕੀ ਡਿਊਟੀ ਹੀ ਲੱਗ ਗਈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰਕਾਸ਼ਿਤ ਇਸ਼ਤਿਹਾਰਾਂ ਵਿੱਚ ਵੀ ਉਨ੍ਹਾਂ ਦਾ ਨਾਂ ਛਾਪਿਆ ਜਾਣ ਲੱਗ ਪਿਆ। ਸਰਕਾਰੀ ਸੇਵਾ ਵਿੱਚ ਆਉਣ ਅਤੇ ਸੇਵਾਮੁਕਤੀ ਪਿੱਛੋਂ ਵੀ ਉਹ ਮੇਲਾ ਮਾਘੀ ਮੁਕਤਸਰ ਵਿਖੇ ਪਹਿਲਾਂ ਸਾਈਕਲ ਅਤੇ ਪਿੱਛੋਂ ਸਾਮਾਨ ਸੰਭਾਲਣ ਦੀ ਸੇਵਾ ਲਈ ਜਾਂਦੇ ਰਹੇ। ਕਰੀਬ 70 ਕੁ ਸਾਲ ਦੀ ਉਮਰ ਤਕ ਉਨ੍ਹਾਂ ਨੇ ਨਿਰਵਿਘਨ ਇਹ ਸੇਵਾ ਨਿਭਾਈ, ਜਿਸ ਲਈ ਉਨ੍ਹਾਂ ਨੂੰ ਕਈ ਵਾਰੀ ਗੁਰਦੁਆਰੇ ਦੇ ਮੈਨੇਜਰ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਪਿੱਛੋਂ ਵਡੇਰੀ ਉਮਰ ਹੋਣ ਕਰਕੇ ਉਨ੍ਹਾਂ ਨੇ ਇਹ ਸੇਵਾ ਨਿਭਾਉਣ ਤੋਂ ਖਿਮਾ ਸਹਿਤ ਮੁਆਫ਼ੀ ਮੰਗ ਲਈ ਅਤੇ ਸਾਲ 2011 ਤੋਂ ਪਿੱਛੋਂ ਉਨ੍ਹਾਂ ਦਾ ਨਾਂ ਇਸ਼ਤਿਹਾਰਾਂ ਵਿੱਚ ਛਪਣਾ ਬੰਦ ਹੋ ਗਿਆ।

ਮੇਰੇ ਪਿਤਾ ਜੀ ਨੂੰ ਉਨ੍ਹਾਂ ਦੇ ਵਿਦਿਆਰਥੀ, ਆਂਢੀ-ਗੁਆਂਢੀ ਅਤੇ ਸ਼ਹਿਰ-ਵਾਸੀ 'ਗਿਆਨੀ ਜੀ' ਕਹਿ ਕੇ ਬੁਲਾਉਂਦੇ ਸਨ। ਉਨ੍ਹਾਂ ਨੇ ਵੱਖ-ਵੱਖ ਸਰਕਾਰੀ ਸਕੂਲਾਂ ਵਿੱਚ ਨੌਕਰੀ ਕਰਦਿਆਂ ਪਰਿਵਾਰ ਅਤੇ ਵਿਦਿਆਰਥੀਆਂ ਨਾਲ ਮੇਲਾ ਮਾਘੀ ਦੇ ਦਿਨੀਂ ਮੁਕਤਸਰ ਜਾਣ ਦੇ ਨੇਮ ਨੂੰ ਬਰਕਰਾਰ ਰੱਖਿਆ। ਕੋਟਕਪੂਰਾ ਅਤੇ ਗੋਨਿਆਣਾ ਮੰਡੀ ਵਿਖੇ ਨੌਕਰੀ ਕਰਦਿਆਂ ਅਸੀਂ ਪਰਿਵਾਰ ਸਮੇਤ ਪਿਤਾ ਜੀ ਨਾਲ ਰੇਲ ਗੱਡੀ ਰਾਹੀਂ ਮੁਕਤਸਰ ਜਾਂਦੇ ਸਾਂ। ਉੱਥੇ ਰਿਹਾਇਸ਼ ਦਾ ਪ੍ਰਬੰਧ ਗੁਰਦੁਆਰੇ ਵੱਲੋਂ ਸਰਾਂ ਵਿੱਚ ਕੀਤਾ ਜਾਂਦਾ ਸੀ ਅਤੇ ਅਸੀਂ ਹੇਠਾਂ ਪਰਾਲੀ ਉੱਤੇ ਬਿਸਤਰੇ ਵਿਛਾ ਕੇ ਸੌਂਦੇ ਸਾਂ। ਮੈਨੂੰ ਪਰਾਲੀ ਬਾਰੇ ਪਹਿਲੀ ਜਾਣਕਾਰੀ ਮੁਕਤਸਰ ਵਿਖੇ ਹੀ ਮਿਲੀ ਸੀ। ਉਨ੍ਹਾਂ ਦਿਨਾਂ ਵਿੱਚ ਦੋ ਤਰ੍ਹਾਂ ਦੀਆਂ ਰੇਲ-ਗੱਡੀਆਂ ਚੱਲਦੀਆਂ ਸਨ, ਜਿਨ੍ਹਾਂ ਨੂੰ ਆਮ ਲੋਕੀਂ ਵੱਡੀ ਗੱਡੀ ਅਤੇ ਛੋਟੀ ਗੱਡੀ ਕਹਿੰਦੇ ਸਨ। ਅਸਲ ਵਿੱਚ ਇਹ 'ਬਰਾਡਗੇਜ' ਅਤੇ 'ਨੈਰੋਗੇਜ' ਦਾ ਖੁੱਲ੍ਹਾ ਜਿਹਾ ਅਨੁਵਾਦ ਹੈ। ਇਨ੍ਹੀਂ ਦਿਨੀਂ ਛੋਟੀਆਂ ਗੱਡੀਆਂ (ਨੈਰੋਗੇਜ) ਬੰਦ ਹਨ, ਸਿਰਫ਼ ਵੱਡੀਆਂ ਗੱਡੀਆਂ ਹੀ ਚਲਦੀਆਂ ਹਨ।

ਕੋਟਕਪੂਰਾ ਨੇੜੇ ਪਿੰਡ ਲਾਲੇ-ਆਣਾ ਦਾ ਪੰਡਤਾਂ ਦਾ ਇੱਕ ਮੁੰਡਾ ਜਗਨਨਾਥ, ਇੱਕ ਵਾਰ ਕਿਸੇ ਕਾਰਨ ਮੇਰੇ ਪਿਤਾ ਜੀ ਦੇ ਜਥੇ ਨਾਲ ਮੁਕਤਸਰ ਜਾਣੋਂ ਖੁੰਝ ਗਿਆ ਸੀ ਤੇ ਉਹ ਅਗਲੇ ਦਿਨ ਪਹੁੰਚਿਆ। ਮੈਨੂੰ ਅੱਜ ਕਰੀਬ ਪੰਤਾਲੀ ਸਾਲਾਂ ਬਾਅਦ ਵੀ ਇਨਬਿਨ ਯਾਦ ਹੈ ਕਿ ਉਹਨੇ ਬਿਨਾਂ ਟਿਕਟ ਸਫਰ ਕਰਨ ਦੀ ਸਾਰੀ ਘਟਨਾ ਪਿਤਾ ਜੀ ਨੂੰ ਸੁਣਾਈ ਸੀ ਕਿ ਰਾਹ ਵਿੱਚ ਇੱਕ ਥਾਂ ਟਿਕਟ-ਚੈਕਰ ਆ ਗਿਆ ਤਾਂ ਜਗਨਨਾਥ ਨੇ ਟਿਕਟ ਨਾ ਲਈ ਹੋਣ ਦੀ ਵਜ੍ਹਾ ਦੱਸਦਿਆਂ ਬੇਝਿਜਕ ਹੋ ਕੇ ਚੈਕਰ ਨੂੰ ਕਿਹਾ ਸੀ, "ਮੈਂ ਤਾਂ ਗਿਆਨੀ ਜੀ ਨਾਲ ਮੇਲਾ ਮਾਘੀ ਮੁਕਤਸਰ ਵਿਖੇ ਸੇਵਾ ਕਰਨ ਜਾ ਰਿਹਾ ਹਾਂ।" ਚੈਕਰ ਨੇ ਪੁੱਛਿਆ ਸੀ, "ਕਿਹੜੇ ਗਿਆਨੀ ਜੀ?" ਮੁੰਡੇ ਨੇ ਹੁਸ਼ਿਆਰੀ ਨਾਲ ਜਵਾਬ ਦਿੱਤਾ ਸੀ, "ਹੈਂ, ਤੁਸੀਂ ਗਿਆਨੀ ਜੀ ਨੂੰ ਨਹੀਂ ਜਾਣਦੇ? ਉਨ੍ਹਾਂ ਨੂੰ ਤਾਂ ਸਾਰੀ ਦੁਨੀਆਂ ਜਾਣਦੀ ਹੈ।" ਤੇ ਚੈਕਰ ਨੇ ਜਗਨਨਾਥ ਨੂੰ ਬਿਨਾਂ ਟਿਕਟ ਸਫਰ ਕਰਨ ਦੀ ਆਗਿਆ ਦੇ ਦਿੱਤੀ ਸੀ।

ਉਨ੍ਹਾਂ ਦਿਨਾਂ ਵਿੱਚ ਹਫ਼ਤਾ-ਦਸ ਦਿਨ ਮੇਲੇ ਦਾ ਮਾਹੌਲ ਬਣਿਆ ਰਹਿੰਦਾ ਸੀ। ਦੂਰ-ਦੁਰਾਡੇ ਤੋਂ ਲੋਕੀਂ ਹੁੰਮ-ਹੁਮਾ ਕੇ ਮੇਲੇ ਵਿੱਚ ਸਜਧਜ ਕੇ ਜਾਂਦੇ ਸਨ। ਮੇਲੇ ਵਿੱਚ ਕਾਨਫਰੰਸਾਂ, ਝੂਲੇ, ਸਰਕਸਾਂ, ਜਾਦੂ ਦੇ ਸ਼ੋਅ, ਖਾਣ ਪੀਣ ਦੀਆਂ ਦੁਕਾਨਾਂ, ਖਜਲਾ ਮਿਠਾਈ, ਰੈਗਜ਼ ਵਾਲੇ ਕੱਪੜੇ ਆਦਿ ਕਈ ਕੁਝ ਹੁੰਦਾ ਸੀ। ਮੈਂ ਪਹਿਲੀ ਵੇਰ ਖਜਲਾ ਮਿਠਾਈ ਮੁਕਤਸਰ ਤੇ ਮੇਲੇ ਵਿਚ ਹੀ ਵੇਖੀ ਅਤੇ ਖਾਧੀ ਸੀ। ਚਿੱਟੇ ਰੰਗ ਦੀ, ਪਾਥੀ ਜਿਹੇ ਆਕਾਰ ਦੀ ਅਜੀਬ ਮਿਠਾਈ ਵੇਖ ਕੇ ਮੈਂ ਦੰਗ ਰਹਿ ਗਿਆ ਸਾਂ। ਮੇਲੇ ਦੇ ਆਖ਼ਰੀ ਦਿਨਾਂ ਵਿੱਚ ਭੀੜ ਘਟਣ ਤੇ ਮੇਰੇ ਪਿਤਾ ਜੀ ਸਾਰੇ ਪਰਿਵਾਰ ਅਤੇ ਵਿਦਿਆਰਥੀਆਂ ਨੂੰ ਸਰਕਸ ਵਿਖਾ ਕੇ ਲਿਆਉਂਦੇ ਸਨ। ਮੈਂ ਆਪਣੇ ਜੀਵਨ ਵਿਚ ਪਹਿਲੀ ਵਾਰੀ ਸਰਕਸ (ਗਰੇਟ ਰੇਮਨ ਸਰਕਸ) ਮੁਕਤਸਰ ਦੇ ਮੇਲੇ ਵਿਚ ਹੀ ਵੇਖੀ ਸੀ। ਪਿਤਾ ਜੀ ਮੈਨੂੰ ਰਾਜਸੀ ਕਾਨਫ਼ਰੰਸਾਂ, ਖ਼ਾਸ ਕਰਕੇ ਧਾਰਮਿਕ ਇਕੱਠਾਂ ਵਿੱਚ ਵੀ ਲੈ ਕੇ ਜਾਂਦੇ ਤੇ ਮੈਨੂੰ ਸਟੇਜ ਉੱਤੇ ਭਾਸ਼ਣ ਕਰਨ ਦਾ ਪਹਿਲਾ ਮੌਕਾ ਮੇਲਾ ਮਾਘੀ ਮੁਕਤਸਰ ਵਿਖੇ ਹੀ ਮਿਲਿਆ ਸੀ।

ਅੱਜਕੱਲ੍ਹ ਮੁਕਤਸਰ ਦੇ ਮੇਲਾ ਮਾਘੀ ਤੇ ਉਹੋ ਜਿਹੀ ਸ਼ਰਧਾ ਅਤੇ ਚਾਅ ਵੇਖਣ ਨੂੰ ਨਹੀਂ ਮਿਲਦਾ। ਲੋਕਾਂ ਕੋਲ ਸਮੇਂ ਦੀ ਘਾਟ ਹੈ- ਉਹ ਕਾਹਲੀ ਵਿੱਚ ਆਉਂਦੇ ਨੇ ਤੇ ਕਾਹਲੀ ਵਿੱਚ ਹੀ ਮੁੜ ਜਾਂਦੇ ਨੇ। ਸੰਗਤ ਵਿੱਚ ਬੈਠਣ, ਗੁਰੂ ਜੱਸ ਸੁਣਨ, ਸੇਵਾ ਕਰਨ, ਲੰਗਰ 'ਚੋਂ ਪ੍ਰਸ਼ਾਦਾ ਛਕਣ ਆਦਿ ਦਾ ਨਾ ਨਵੀਂ ਪੀੜ੍ਹੀ ਨੂੰ ਸ਼ੌਕ ਹੈ ਤੇ ਨਾ ਹੀ ਵਿਸ਼ਵਾਸ। ਮੇਲਿਆਂ ਦਾ ਰੰਗ-ਢੰਗ ਬਦਲਦਾ ਜਾ ਰਿਹਾ ਹੈ। ਇੱਥੇ ਧਰਮ ਨਾਲੋਂ ਰਾਜਨੀਤੀ ਭਾਰੂ ਹੋ ਰਹੀ ਹੈ। ਜਿਸ ਕਰਕੇ ਲੋਕ ਪੁਰਾਣੇ ਸਰੋਕਾਰਾਂ ਨੂੰ ਤਿਆਗ ਰਹੇ ਹਨ। ਲੋਕੀਂ ਹੁਣ ਘਰੇ ਬੈਠੇ ਹੀ ਟੀਵੀ ਰਾਹੀਂ ਮੇਲੇ ਬਾਰੇ ਜਾਣਕਾਰੀ ਹਾਸਲ ਕਰ ਲੈਂਦੇ ਹਨ। ਮੇਰੇ ਪਿਤਾ ਜੀ ਨੇ ਮੈਨੂੰ ਸਿੱਖ-ਸਥਾਨਾਂ/ ਇਕੱਠਾਂ 'ਤੇ ਜਾਣ ਦਾ ਜੋ ਮੌਕਾ ਦਿੱਤਾ ਸੀ, ਉਹਨੂੰ ਮੈਂ ਆਪਣੇ ਪਰਿਵਾਰ ਨਾਲ ਅਜੇ ਵੀ ਸਾਂਝਾ ਕਰਨ ਦੀ ਕੋਸ਼ਿਸ਼ ਕਰ ਰਿਹਾ ਹਾਂ।

*-ਪ੍ਰੋ. ਨਵ ਸੰਗੀਤ ਸਿੰਘ*
*ਪੋਸਟਗ੍ਰੈਜੂਏਟ ਪੰਜਾਬੀ ਵਿਭਾਗ,*
*ਅਕਾਲ ਯੂਨੀਵਰਸਿਟੀ,*
*ਤਲਵੰਡੀ ਸਾਬੋ*
*(ਬਠਿੰਡਾ) 9417692015*

# ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਪਠਾਨਕੋਟ ਵਿਖੇ ਡਿਪਟੀ ਕਮਿਸ਼ਨਰ ਪਠਾਨਕੋਟ ਨੇ ਸਟਾਫ ਮੈਂਬਰਾਂ ਨਾਲ ਮਨਾਈ ਲੋਹੜੀ



ਪਠਾਨਕੋਟ, 15 ਜਨਵਰੀ (ਰਾਜਿੰਦਰ ਸਿੰਘ ਰਾਜਨ) - ਅੱਜ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਮਲਿਕਪੁਰ ਵਿਖੇ ਡਿਪਟੀ ਕਮਿਸਨਰ ਸਟਾਫ ਵੱਲੋਂ ਲੋਹੜੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਇਸ ਮੋਕੇ ਤੇ ਸ। ਹਰਬੀਰ ਸਿੰਘ ਡਿਪਟੀ ਕਮਿਸਨਰ ਪਠਾਨਕੋਟ ਮੁੱਖ ਮਹਿਮਾਨ ਵਜੋਂ ਹਾਜਰ ਹੋਏ ਅਤੇ ), ਮੇਜਰ ਡਾ। ਸੁਮਿਤ ਮੁਧ ਚੀਫ ਮਨਿਸਟਰਜ਼ ਫੀਲਡ ਅਫਸਰ-ਕਮ-ਸਹਾਇਕ ਕਮਿਸਨਰ(ਜ) ਵਿਸੇਸ ਮਹਿਮਾਨ ਵਜੋਂ ਹਾਜਰ ਹੋਏ। ਇਸ ਮੋਕੇ ਤੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਅਰਵਿੰਦਪਾਲ ਸਿੰਘ ਡੀ।ਆਰ।ਓ। ਪਠਾਨਕੋਟ, ਰਾਮ ਲੁਭਾਇਆ ਜਿਲ੍ਹਾ ਲੋਕ ਸੰਪਰਕ ਅਫਸਰ ਪਠਾਨਕੋਟ, ਲਛਮਣ ਸਿੰਘ ਤਹਿਸੀਲਦਾਰ ਪਠਾਨਕੋਟ ਅਤੇ ਹੋਰ ਡਿਪਟੀ ਕਮਿਸਨਰ ਦਫਤਰ ਦਾ ਸਾਰਾ ਸਟਾਫ ਹਾਜਰ ਸੀ।

ਇਸ ਮੋਕੇ ਤੇ ਸ। ਹਰਬੀਰ ਸਿੰਘ ਡਿਪਟੀ ਕਮਿਸਨਰ ਪਠਾਨਕੋਟ ਨੇ ਜਿਲ੍ਹਾ ਵਾਸੀਆਂ ਨੂੰ ਲੋਹੜੀ ਤਿਉਹਾਰ ਦੀਆਂ ਸੁਭ ਕਾਮਨਾਵਾਂ ਦਿੱਤੀਆਂ ਅਤੇ ਸਰਵ ਦੇ ਮੰਗਲ ਹਿੱਤ ਲਈ ਅਰਦਾਸ ਕੀਤੀ। ਇਸ ਮੋਕੇ ਤੇ ਲੋਹੜੀ ਜਲਾਈ ਗਈ ਅਤੇ ਮੁੱਖ ਮਹਿਮਾਨ ਨੇ ਸਾਰੇ ਸਟਾਫ ਮੈਂਬਰਾਂ ਨਾਲ ਅਗਨੀ ਵਿਖੇ ਆਹੁਤਿਆ ਪਾਈਆਂ। ਉਨ੍ਹਾਂ ਕਿਹਾ ਕਿ ਇਹ ਖੁਸੀਆਂ ਦਾ ਤਿਉਹਾਰ ਹੈ ਅਤੇ ਸਾਨੂੰ ਸਭ ਨੂੰ ਖੁਸੀਆਂ ਨਾਲ ਮਨਾਉਂਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਆਓ ਸਾਰੇ ਰਲ ਮਿਲ ਕੇ ਭਾਈਵਾਲਤਾ ਦਾ ਸਮਾਜ ਨੂੰ ਸੰਦੇਸ ਦੇਈਏ ਅਤੇ ਖੁਸੀਆਂ ਭਰਿਆ ਤਿਉਹਾਰ ਮਨਾਈਏ।

ਪੰਜਾਬੀ ਪੋਸਟ CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ।ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ।ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4'' tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

ਕੈਨੇਡਾ ਪੀ ਆਰ ਲੜਕੀ ਨਾਈ ਸਿੱਖ /ਲੱਖਣਪਾਲ ਲਈ ਸ਼ੁਧ ਵੈਸ਼ਨੂੰ ਵਰ ਦੀ ਲੋੜ। ਤਰਜੀਹ ਕੈਨੇਡਾ। ਜਨਮ 13/12/1991, ਕੱਦ 5'7'', ਭਾਰਤ ਤੋਂ M.Com ਅਤੇ ਕੈਨੇਡਾ ਤੇ ਪੋਸਟ ਗਰੈਡ ਡਿਪਲੋਮਾ HRM ਇੱਕ ਭੈਣ ਤੇ ਇੱਕ ਭਰਾ ਵਿਆਹੇ ਦੋਵੇ ਕੈਨੇਡਾ PR ਫੋਨ +12049148700 +919569557850

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

STARLANE PAINTING
Residential • Commercial • Industrial
• Hotel • Motel • Exterior
• Interior • Spray Painting
• Office Painting • Drywall Fixing
ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
Call For FREE Estimate
7 Days A Week
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ
416.230.4000 • 647.409.1092
www.STARLANEPAINTING.com

A-One Drivers TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
ਫਰੀ ਪਿਕਅਪ
Best Rates For Lessons
ਲੇਡੀਜ਼ ਇੰਸਟ੍ਰਕਟਰ
] ਮੁਫਤ ਪਿਕਅਪ ਅਤੇ ਡਰਾਪ ਆਫ
] ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
] ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
] ਵਾਜਿਬ ਕੀਮਤ
647-998-7500 ਬਲਵਿੰਦਰ

## ਕੇਅਰ ਗਿਵਰ ਦੀ ਲੋੜ

ਬਜ਼ੁਰਗ ਔਰਤ ਨੂੰ ਸੰਭਾਲਣ ਲਈ ਕੇਅਰ ਗਿਵਰ ਦੀ ਲੋੜ ਹੈ। ਵਧੀਆ ਤਨਖਾਹ ਦਿੱਤੀ ਜਾਵੇਗੀ। **'PR'** ਲਈ ਮੱਦਦ ਕੀਤੀ ਜਾਵੇਗੀ। Location 'Winnipeg, MB' ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

**204-333-9000, 416-818-3777**

You can Place Your Business Here
(905)793-2202
To Reach Wider Audience
For more info Call 905-793-2202 or e-mail ads@punjabipost.ca

Visions of Punjab
VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com
Natasha Mahal Co-Host
Iqbal Mahal Producer & Host
Serving the South Asian Community Since 1976

## ਫੀਮੇਲ ਹਾਊਸਕੀਪਰ ਦੀ ਲੋੜ

ਮਾਰਖਮ ਹਾਊਸ, ਜਿਸ ਵਿਚ ਕ੍ਰਿਸ਼ਨਾ ਮੰਦਰ ਹੈ, ਲਈ ਫੁਲ ਟਾਈਮ ਲਿਵ ਇਨ ਫੀਮੇਲ ਹਾਊਸਕੀਪਰ ਦੀ ਲੋੜ ਹੈ। ਘਰ ਪੂਰੀ ਤਰ੍ਹਾਂ ਸ਼ਾਕਾਹਾਰੀ ਹੈ, ਇੱਥੋਂ ਤੱਕ ਕਿ ਪਿਆਜ ਅਤੇ ਲਹਿਸਣ ਦੀ ਵਰਤੋਂ ਦੀ ਵੀ ਆਗਿਆ ਨਹੀਂ ਹੈ। ਕੰਮ ਦੇ ਵਿਚ ਖਾਣਾ ਬਣਾਉਣਾ, ਸਾਫ-ਸਫਾਈ ਅਤੇ ਸਾਰੇ ਘਰ ਦੀ ਵਧੀਆ ਤਰੀਕੇ ਨਾਲ ਸੰਭਾਲ ਕਰਨੀ ਸ਼ਾਮਲ ਹਨ। ਹਾਊਸਕੀਪਰ ਨੂੰ ਘਰ ਦੇ ਮੈਂਬਰ ਵਾਂਗ ਰੱਖਿਆ ਜਾਵੇਗਾ। ਚਾਹਵਾਨ ਕ੍ਰਿਪਾ ਕਰਕੇ vbsharma@vbsharma.ca ਉਤੇ ਅਪਲਾਈ ਕਰਨ। ਫੋਨ ਨੰਬਰ 416-292-4431 ext. 224 ਉਤੇ 3 ਵਜੇ ਤੋਂ ਬਾਅਦ ਸੰਪਰਕ ਕਰ ਸਕਦੇ ਹਨ।

# ਪੰਜਾਬ ਸਕੂਲ ਸਿੱਖਿਆ ਵਿਭਾਗ ਵਲੋਂ ਸਰਦੀਆਂ ਦੀਆਂ ਛੁੱਟੀਆਂ ਦੌਰਾਨ ਸ਼ੁਰੂ ਕੀਤੀ ਆਨਲਾਈਨ ਪੜ੍ਹਾਈ ਨੂੰ ਵਿਦਿਆਰਥੀਆਂ ਨੇ ਦਿੱਤਾ ਭਰਵਾਂ ਹੁੰਗਾਰਾ: ਬੈਂਸ

*12 ਲੱਖ ਤੋਂ ਵੀ ਵੱਧ ਵਿਦਿਆਰਥੀਆਂ ਨੇ ਆਨਲਾਈਨ ਜਮਾਤਾਂ ਵਿੱਚ ਕੀਤੀ ਸ਼ਮੂਲੀਅਤ



ਚੰਡੀਗੜ੍ਹ, 15 ਜਨਵਰੀ (ਪੋਸਟ ਬਿਊਰੋ)- ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸਰਦ ਰੁੱਤ ਦੇ ਮੱਦੇਨਜ਼ਰ ਪੰਜਾਬ ਸਰਕਾਰ ਵੱਲੋਂ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਸਿਹਤ ਅਤੇ ਸੁਰੱਖਿਆ ਦੇ ਮੱਦੇਨਜ਼ਰ ਕੀਤੀ ਗਈ ਛੁੱਟੀਆਂ ਦੌਰਾਨ ਪੰਜਾਬ ਦੇ ਸਕੂਲ ਸਿੱਖਿਆ ਵਿਭਾਗ ਵੱਲੋਂ ਆਨਲਾਈਨ ਵਿਧੀ ਰਾਹੀਂ ਪੜ੍ਹਾਈ ਨਾਲ ਜੋੜ ਕੇ ਰੱਖਿਆ ਗਿਆ । ਸਕੂਲ ਸਿੱਖਿਆ ਵਿਭਾਗ ਦੀ ਇਸ ਪਹਿਲ ਨੂੰ ਵਿਦਿਆਰਥੀਆਂ ਵਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਠੰਡ ਵੱਧਣ ਕਾਰਨ ਲਗਾਤਾਰ ਸਕੂਲ ਬੰਦ ਰਹਿਣ ਕਰਕੇ ਵਿਦਿਆਰਥੀਆਂ ਨੂੰ ਪੜ੍ਹਾਈ ਨਾਲ ਜੋੜ ਕੇ ਰੱਖਣ ਵਾਸਤੇ 30 ਦਸੰਬਰ 2022 ਤੋਂ ਆਨਲਾਈਨ ਵਿਧੀ ਰਾਹੀ ਵਿਭਾਗ ਦੇ ਫੇਸਬੁੱਕ ਪੇਜ਼ ਅਤੇ ਯੂਟਿਊਬ ਚੈਨਲ ਤੇ ਲਾਇਵ ਜਮਾਤਾਂ ਲਾਉਣ ਦਾ ਪ੍ਰੋਗਰਾਮ ਸ਼ੁਰੂ ਕੀਤਾ ਗਿਆ ਸੀ। ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਇਸ ਪ੍ਰੋਗਰਾਮ ਨੂੰ ਬੇਮਿਸਾਲ ਹੁੰਗਾਰਾ ਦਿੱਤਾ ਗਿਆ ਅਤੇ ਹੁਣ ਤੱਕ 12 ਲੱਖ ਤੋਂ ਵੀ ਵੱਧ ਵਿਦਿਆਰਥੀ ਇਹ ਲੈਕਚਰ ਦੇਖ ਚੁੱਕੇ ਹਨ।

ਸ। ਬੈਂਸ ਨੇ ਦੱਸਿਆ ਕਿ ਬੋਰਡ ਦੇ ਇਮਤਿਹਾਨਾਂ ਵਾਲੀਆਂ ਜਮਾਤਾਂ ਦੇ ਵਿਦਿਆਰਥੀਆਂ ਨੂੰ ਛੁੱਟੀਆਂ ਦੌਰਾਨ ਪੜ੍ਹਾਈ ਨਾਲ ਜੋੜੀ ਰੱਖਣ ਦੇ ਮੰਤਵ ਨਾਲ ਇਹ ਉਪਰਾਲਾ ਕੀਤਾ ਗਿਆ ਸੀ ਜੋ ਪੂਰੀ ਤਰਾਂ ਸਫਲ ਰਿਹਾ।

ਸਿੱਖਿਆ ਮੰਤਰੀ ਨੇ ਦੱਸਿਆ ਕਿ ਮਾਨ ਸਰਕਾਰ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਮਾਪਿਆਂ ਵੱਲੋਂ ਭਰਪੂਰ ਸ਼ਲਾਘਾ ਕੀਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਾਲਾਨਾ ਇਮਤਿਹਾਨਾਂ ਦੀ ਤਿਆਰੀ ਅਤੇ ਪ੍ਰੀ-ਬੋਰਡ ਇਮਤਿਹਾਨਾਂ ਨੂੰ ਮੱਦੇਨਜ਼ਰ ਰੱਖਦਿਆਂ ਵਿਭਾਗ ਵੱਲੋਂ ਮਾਹਿਰ ਅਧਿਆਪਕਾਂ ਦੀ ਮਦਦ ਨਾਲ ਰੋਜ਼ਾਨਾ ਸਵੇਰ ਅਤੇ ਸ਼ਾਮ ਦੇ ਸੈਸ਼ਨਾਂ ਰਾਹੀਂ ਆਨਲਾਈਨ ਲੈਕਚਰ ਕਰਵਾਏ ਜਾ ਰਹੇ ਹਨ।

ਜ਼ਿਕਰਯੋਗ ਹੈ ਕਿ ਪਹਿਲਾਂ ਸਕੂਲਾਂ ਦੇ ਅਧਿਆਪਕ ਆਪਣੇ ਪੱਧਰ 'ਤੇ ਆਪਣੀ ਜਮਾਤ ਨੂੰ ਪੜ੍ਹਾਉਂਦੇ ਸਨ। ਪਰ ਇਸ ਵਾਰ ਸਿੱਖਿਆ ਮੰਤਰੀ ਸ। ਹਰਜੋਤ ਸਿੰਘ ਬੈਂਸ ਦੀ ਅਗਵਾਈ ਵਿੱਚ ਸਟੇਟ ਪੱਧਰ 'ਤੇ ਇਹ ਉਪਰਾਲਾ ਕੀਤਾ ਜਾ ਗਿਆ ਹੈ ਜਿਸਦੇ ਤਹਿਤ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤਾਂ ਦੇ ਵੱਖ-ਵੱਖ ਵਿਸ਼ਿਆਂ ਨੂੰ ਕਵਰ ਕਰਕੇ ਸੋਸ਼ਲ ਮੀਡੀਆ ਦੇ ਪ੍ਰਭਾਵਸ਼ਾਲੀ ਪਲੇਟਫਾਰਮਾਂ ਰਾਹੀਂ ਇਸ ਨੂੰ ਰਿਲੇਅ ਕੀਤਾ ਜਾ ਰਿਹਾ ਹੈ।

# ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਲਈ ਕਿਸਾਨਾਂ ਨੂੰ 23200 ਸੀਆਰਐਮ ਮਸ਼ੀਨਾਂ ਮੁਹੱਈਆ ਕਰਵਾਈਆਂ: ਕੁਲਦੀਪ ਧਾਲੀਵਾਲ

* ਠੋਸ ਯਤਨਾਂ ਸਦਕਾ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ 30 ਫ਼ੀਸਦੀ ਕਮੀ ਆਈ *ਖੇਤੀਬਾੜੀ ਵਿਭਾਗ ਵੱਲੋਂ ਜਾਗਰੂਕਤਾ ਪੈਦਾ ਕਰਨ ਲਈ ਸੂਚਨਾ, ਸਿੱਖਿਆ ਅਤੇ ਸੰਚਾਰ ਸਬੰਧੀ ਗਤੀਵਿਧੀਆਂ ਕਰਵਾਈਆਂ ਜਾ ਰਹੀਆਂ



ਚੰਡੀਗੜ੍ਹ, 15 ਜਨਵਰੀ (ਪੋਸਟ ਬਿਊਰੋ)- ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਠੱਲ੍ਹ ਪਾਉਣ ਲਈ ਖੇਤੀਬਾੜੀ ਵਿਭਾਗ ਵੱਲੋਂ ਸ਼ੁਰੂ ਕੀਤੇ ਠੋਸ ਉਪਰਾਲਿਆਂ ਦੀ ਜਾਣਕਾਰੀ ਦਿੰਦਿਆਂ ਖੇਤੀਬਾੜੀ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਅੱਜ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਮੌਜੂਦਾ ਸੀਜ਼ਨ ਦੌਰਾਨ 'ਫ਼ਸਲਾਂ ਦੀ ਰਹਿੰਦ-ਖੂੰਹਦ ਦੇ ਮੌਕੇ 'ਤੇ ਹੀ ਪ੍ਰਬੰਧਨ ਲਈ ਖੇਤੀਬਾੜੀ ਮਸ਼ੀਨਰੀ ਨੂੰ ਉਤਸ਼ਾਹਿਤ ਕਰਨ' ਸਬੰਧੀ ਸਕੀਮ ਅਧੀਨ ਕਿਸਾਨਾਂ, ਸੂਬੇ ਦੀਆਂ ਕਿਸਾਨ ਉਤਪਾਦਕ ਸੰਸਥਾਵਾਂ (ਐਫ।ਪੀ।ਓਜ਼), ਪੰਚਾਇਤਾਂ, ਪ੍ਰਾਇਮਰੀ ਐਗਰੀਕਲਚਰਲ ਸੋਸਾਇਟੀਆਂ (ਪੀ।ਏ।ਸੀ।ਐਸ।) ਨੂੰ ਫਸਲਾਂ ਦੀ ਰਹਿੰਦ-ਖੂੰਹਦ ਪ੍ਰਬੰਧਨ (ਸੀ।ਆਰ।ਐਮ।) ਲਈ 23200 ਤੋਂ ਵੱਧ ਮਸ਼ੀਨਾਂ ਉਪਲਬਧ ਕਰਵਾਈਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਖੇਤੀਬਾੜੀ ਵਿਭਾਗ ਦੇ ਠੋਸ ਉਪਰਾਲਿਆਂ ਸਦਕਾ ਪਰਾਲੀ ਸਾੜਨ ਦੀਆਂ ਘਟਨਾਵਾਂ ਵਿੱਚ 30 ਫੀਸਦੀ ਕਮੀ ਆਈ ਹੈ।

ਖੇਤੀਬਾੜੀ ਮੰਤਰੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਕੀਮ ਤਹਿਤ ਹੁਣ ਤੱਕ 113622 ਮਸ਼ੀਨਾਂ ਮੁਹੱਈਆ ਕਰਵਾਈਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਵਿਭਾਗ ਨੇ ਇਸ ਸਕੀਮ ਤਹਿਤ ਕਿਸਾਨਾਂ ਅਤੇ ਕਸਟਮ ਹਾਇਰਿੰਗ ਸੈਂਟਰਾਂ ਨੂੰ ਕ੍ਰਮਵਾਰ 50 ਫ਼ੀਸਦੀ ਅਤੇ 80 ਫ਼ੀਸਦੀ ਸਬਸਿਡੀ ਦੀ ਪੇਸ਼ਕਸ਼ ਕੀਤੀ ਹੈ। ਉਨ੍ਹਾਂ ਕਿਹਾ ਕਿ ਇਸ ਸਬਸਿਡੀ ਲਈ ਅਰਜ਼ੀਆਂ ਆਨਲਾਈਨ ਪੋਰਟਲ ਰਾਹੀਂ ਮੰਗੀਆਂ ਗਈਆਂ ਹਨ ਤਾਂ ਜੋ ਇਸ ਸਬਸਿਡੀ ਦਾ ਲਾਭ ਲੈਣ ਦੀ ਪ੍ਰਕਿਰਿਆ ਨੂੰ ਆਸਾਨ ਬਣਾਇਆ ਜਾ ਸਕੇ।

ਛੋਟੇ ਅਤੇ ਸੀਮਾਂਤ ਕਿਸਾਨਾਂ ਨੂੰ ਸੀ।ਆਰ।ਐਮ। ਮਸ਼ੀਨਰੀ ਪ੍ਰਦਾਨ ਕਰਨ ਲਈ ਕੀਤੇ ਜਾ ਰਹੇ ਨਿਰੰਤਰ ਯਤਨਾਂ ਨੂੰ ਉਜਾਗਰ ਕਰਦਿਆਂ ਸ। ਧਾਲੀਵਾਲ ਨੇ ਕਿਹਾ ਕਿ ਵਿਭਾਗ ਵੱਲੋਂ ਹਰੇਕ ਬਲਾਕ ਵਿੱਚ ਕਸਟਮ ਹਾਇਰਿੰਗ ਸੈਂਟਰ ਸਥਾਪਤ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ, ਜਿੱਥੇ ਖ਼ਾਸ ਕਰਕੇ ਛੋਟੇ ਅਤੇ ਸੀਮਾਂਤ ਕਿਸਾਨਾਂ ਲਈ ਸੀ।ਆਰ।ਐਮ। ਮਸ਼ੀਨਾਂ ਉਪਲਬਧ ਹੋਣਗੀਆਂ। ਉਨ੍ਹਾਂ ਕਿਹਾ ਕਿ ਇਸ ਲਈ ਜ਼ਿਲ੍ਹਿਆਂ ਨੂੰ 7।4 ਕਰੋੜ ਰੁਪਏ ਦੀ ਰਾਸ਼ੀ ਉਪਲਬਧ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਸੀ।ਆਰ।ਐਮ। ਮਸ਼ੀਨਾਂ ਦੀ ਬੁਕਿੰਗ ਲਈ ਆਈ-ਖੇਤ ਐਪ ਵੀ ਜਾਰੀ ਕੀਤੀ ਗਈ ਹੈ। ਇਸ ਸਬੰਧੀ ਜਾਣਕਾਰੀ ਕਿਸਾਨਾਂ ਤੱਕ ਪਹੁੰਚਾਉਣ ਦੀ ਲੋੜ 'ਤੇ ਜ਼ੋਰ ਦਿੰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਵਿਭਾਗ ਵੱਲੋਂ ਕਿਸਾਨਾਂ ਨੂੰ ਰਹਿੰਦ-ਖੂੰਹਦ ਪ੍ਰਬੰਧਨ ਤਕਨੀਕ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਕਿਸਾਨਾਂ ਨੂੰ ਪ੍ਰੇਰਿਤ ਕਰਨ ਲਈ ਪਿੰਡ ਪੱਧਰੀ ਕੈਂਪਾਂ, ਕੰਧ ਚਿੱਤਰਾਂ, ਬੈਨਰ ਅਤੇ ਪ੍ਰਚਾਰ ਵੈਨਾਂ ਰਾਹੀਂ ਜਾਣਕਾਰੀ, ਸਿੱਖਿਆ ਅਤੇ ਸੰਚਾਰ ਸਬੰਧੀ ਵੱਖ-ਵੱਖ ਗਤੀਵਿਧੀਆਂ ਕੀਤੀਆਂ ਜਾ ਰਹੀਆਂ ਹਨ। ਸ। ਧਾਲੀਵਾਲ ਨੇ ਕਿਹਾ ਕਿ ਸੂਬੇ ਵਿੱਚ 3000 ਤੋਂ ਵੱਧ ਪਿੰਡ ਪੱਧਰੀ ਕੈਂਪ ਲਗਾਏ ਗਏ ਹਨ। ਉਨ੍ਹਾਂ ਅੱਗੇ ਕਿਹਾ ਕਿ ਵਿਭਾਗ ਨੇ ਕਿਸਾਨਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਜਾਗਰੂਕ ਕਰਨ ਲਈ 9 ਵਿਸ਼ੇਸ਼ ਜ਼ਿਲ੍ਹਿਆਂ ਵਿੱਚ ਆਸ਼ਾ ਵਰਕਰਾਂ ਨੂੰ ਵੀ ਸ਼ਾਮਲ ਕੀਤਾ ਹੈ।

ਜ਼ਿਕਰਯੋਗ ਹੈ ਕਿ ਸੂਬੇ ਵਿੱਚ ਫਸਲਾਂ ਦੀ ਰਹਿੰਦ-ਖੂੰਹਦ ਦੇ ਮੌਕੇ 'ਤੇ ਅਤੇ ਬਾਅਦ ਵਿੱਚ ਪ੍ਰਬੰਧਨ ਸਬੰਧੀ ਉਪਕਰਨਾਂ ਦੀ ਵੱਧ ਉਪਲਬਧਤਾ ਸਦਕਾ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਘੱਟ ਕਰਨ ਵਿੱਚ ਮਦਦ ਮਿਲੀ ਹੈ। ਝੋਨੇ ਦੇ ਵਾਢੀ ਸੀਜ਼ਨ ਦੌਰਾਨ ਸੂਬੇ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ 2021 ਵਿੱਚ 71159 ਦੇ ਮੁਕਾ-ਬਲੇ 2022 ਵਿੱਚ ਘਟ ਕੇ 49922 ਰਹਿ ਗਈਆਂ ਹਨ ਜਿਸ ਨਾਲ 29।84 ਫੀਸਦੀ ਦੀ ਕਮੀ ਆਈ ਹੈ।

# 'ਔਰਤਾਂ ਦੇ ਅਧਿਕਾਰ ਤਰਜੀਹ ਨਹੀਂ', ਬੋਲਿਆ ਤਾਲੀਬਾਨ

* ਲੜਕੀਆਂ ਦੀ ਸਿੱਖਿਆ ਅਤੇ ਕੰਮ 'ਤੇ ਪਾਬੰਦੀ ਹਟਾਉਣ 'ਤੇ ਬੋਲਿਆ ਤਾਲਿਬਾਨ



ਕਾਬੁਲ, 15 ਜਨਵਰੀ (ਪੋਸਟ ਬਿਊਰੋ) - ਤਾਲਿਬਾਨ ਦੇ ਬੁਲਾਰੇ ਜਬੀਉੱਲ੍ਹਾ ਮੁਜਾਹਿਦ ਨੇ ਇਕ ਬਿਆਨ ਵਿਚ ਕਿਹਾ ਕਿ ਔਰਤਾਂ ਵਿਰੁੱਧ ਪਾਬੰਦੀਆਂ ਨੂੰ ਉਲਟਾਉਣਾ ਤਰਜੀਹ ਨਹੀਂ ਹੈ। ਤਾਲਿਬਾਨ ਨੇ ਸ਼ਨੀਵਾਰ ਨੂੰ ਕਿਹਾ ਕਿ ਉਹ ਇਸਲਾਮਿਕ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਕਿਸੇ ਵੀ ਕੰਮ ਦੀ ਇਜਾਜਤ ਨਹੀਂ ਦੇਵੇਗਾ। ਔਰਤਾਂ ਦੇ ਅਧਿਕਾਰ ਤਾਲਿਬਾਨ ਦੇ ਸਥਾਪਿਤ ਨਿਯਮਾਂ ਅਨੁਸਾਰ ਹੀ ਰਹਿਣਗੇ। ਦੱਸ ਦਈਏ ਕਿ ਹਾਲ ਹੀ 'ਚ ਤਾਲਿਬਾਨ ਨੇ ਲੜਕੀਆਂ ਅਤੇ ਔਰਤਾਂ ਦੇ ਯੂਨੀਵਰਸਿਟੀ 'ਚ ਸਿੱਖਿਆ ਲੈਣ ਅਤੇ ਗੈਰ-ਸਰਕਾਰੀ ਸੰਗਠਨਾਂ 'ਚ ਕੰਮ ਕਰਨ 'ਤੇ ਪਾਬੰਦੀ ਲਗਾ ਦਿੱਤੀ ਸੀ।

ਇਕ ਰਿਪੋਰਟ ਮੁਤਾਬਿਕ ਤਾਲਿਬਾਨ ਦੇ ਮੁੱਖ ਬੁਲਾਰੇ ਜਬੀਉੱਲ੍ਹਾ ਮੁਜਾਹਿਦ ਨੇ ਇੱਕ ਬਿਆਨ ਵਿਚ ਕਿਹਾ, "ਇਸਲਾਮਿਕ ਅਮੀਰਾਤ ਇਸਲਾਮੀ ਸ਼ਰੀਆ ਅਨੁਸਾਰ ਸਾਰੇ ਮਾਮਲਿਆਂ ਨੂੰ ਸੁਲਝਾਉਣ ਦੀ ਕੋਸ਼ਿਸ਼ ਕਰਦੀ ਹੈ। ਸੱਤਾਧਾਰੀ ਸਰਕਾਰ ਦੇਸ਼ ਵਿਚ ਸ਼ਰੀਆ ਵਿਰੁੱਧ ਕਾਰਵਾਈਆਂ ਦੀ ਇਜਾਜਤ ਨਹੀਂ ਦੇ ਸਕਦੀ।' ਅਫ਼ਗਾਨਿਸਤਾਨ ਦੀਆਂ ਵਿਦਿਆਰਥਣਾਂ ਅਤੇ ਕਾਰਕੁਨਾਂ ਨੇ ਗੈਰ-ਸਰਕਾਰੀ ਸੰਗਠਨਾਂ ਵਿਚ ਔਰਤਾਂ ਦੇ ਕੰਮ ਕਰਨ 'ਤੇ ਪਾਬੰਦੀ ਲਗਾਉਣ ਦੇ ਤਾਲਿਬਾਨ ਦੇ ਤਾਜਾ ਕਦਮ ਦਾ ਵਿਰੋਧ ਕੀਤਾ ਹੈ। ਇਸ ਦੇ ਨਾਲ ਹੀ ਵਿਸਵ ਪੱਧਰ 'ਤੇ ਇਸ ਦੀ ਨਿੰਦਾ ਵੀ ਹੋਈ ਹੈ।

# ਕੋਵਿਡ-19 ਨੇ ਚੀਨ ਵਿਚ ਮਚਾਈ ਤਬਾਹੀ, 35 ਦਿਨਾਂ 'ਚ ਕਰੀਬ 60 ਹਜ਼ਾਰ ਮੌਤਾਂ



ਬੀਜਿੰਗ, 15 ਜਨਵਰੀ (ਪੋਸਟ ਬਿਊਰੋ) - ਚੀਨ ਵਿਚ ਕੋਰੋਨਾ ਲਗਾਤਾਰ ਲੋਕਾਂ ਨੂੰ ਡਰਾ ਰਿਹਾ ਹੈ। ਅਜਿਹਾ ਹੀ ਇੱਕ ਅੰਕੜਾ ਇਕ ਵਾਰ ਫਿਰ ਚੀਨ ਤੋਂ ਸਾਹਮਣੇ ਆਇਆ ਹੈ। ਇਸ ਅੰਕੜੇ ਮੁਤਾਬਕ ਪਿਛਲੇ 35 ਦਿਨਾਂ 'ਚ ਚੀਨ 'ਚ ਕੋਰੋਨਾ ਕਾਰਨ ਕਰੀਬ 60 ਹਜਾਰ ਲੋਕਾਂ ਦੀ ਮੌਤ ਹੋ ਚੁੱਕੀ ਹੈ। ਚੀਨ ਸਰਕਾਰ ਵੱਲੋਂ ਕੋਰੋਨਾ ਪਾਬੰਦੀਆਂ ਵਿੱਚ ਢਿੱਲ ਦੇਣ ਤੋਂ ਬਾਅਦ ਇੰਨੀ ਵੱਡੀ ਗਿਣਤੀ ਵਿੱਚ ਮੌਤ ਦਾ ਇਹ ਪਹਿਲਾ ਮਾਮਲਾ ਹੈ।

ਚੀਨ ਵਿੱਚ 8 ਦਸੰਬਰ, 2022 ਤੋਂ 12 ਜਨਵਰੀ, 2023 ਤੱਕ ਕੁੱਲ 59,938 ਮੌਤਾਂ ਦਰਜ ਕੀਤੀਆਂ ਗਈਆਂ ਹਨ। ਨੈਸ਼ਨਲ ਹੈਲਥ ਕਮਿਸ਼ਨ ਦੇ ਅਧੀਨ ਬਿਊਰੋ ਆਫ਼ ਮੈਡੀਕਲ ਐਡਮਿਨਿਸਟ੍ਰੇਸ਼ਨ ਦੇ ਮੁਖੀ ਜੀਓ ਯਾਹੂਈ ਨੇ ਇਕ ਪ੍ਰੈਸ ਕਾਨਫਰੰਸ ਵਿੱਚ ਦੱਸਿਆ ਕਿ ਇਸ ਸਾਲ 8 ਦਸੰਬਰ, 2022 ਤੋਂ 12 ਜਨਵਰੀ ਤੱਕ ਕੋਵਿਡ ਨਾਲ ਸਬੰਧਤ 59,938 ਮੌਤਾਂ ਦਰਜ ਕੀਤੀਆਂ ਗਈਆਂ ਹਨ। ਇਹ ਅੰਕੜਾ ਸਿਰਫ਼ ਉਨ੍ਹਾਂ ਲੋਕਾਂ ਦਾ ਹੈ, ਜਿਨ੍ਹਾਂ ਦੀ ਮੌਤ ਹਸਪਤਾਲਾਂ ਵਿਚ ਹੋਈ ਹੈ। ਅਜਿਹੇ 'ਚ ਕੋਰੋਨਾ ਨਾਲ ਮਰਨ ਵਾਲਿਆਂ ਦੀ ਗਿਣਤੀ ਜ਼ਿਆਦਾ ਹੋਣ ਦੀ ਸੰਭਾਵਨਾ ਹੈ।

ਉਨ੍ਹਾਂ ਕਿਹਾ ਕਿ 5,503 ਮੌਤਾਂ ਵਾਇਰਸ ਕਾਰਨ ਸਾਹ ਲੈਣ ਵਿੱਚ ਅਸਫਲ ਹੋਣ ਕਾਰਨ ਹੋਈਆਂ ਹਨ। ਇਸ ਤੋਂ ਇਲਾਵਾ 54,435 ਲੋਕ ਸ਼ਾਮਲ ਹਨ, ਜਿਨ੍ਹਾਂ ਨੂੰ ਕੋਵਿਡ ਦੇ ਨਾਲ ਹੋਰ ਬੀਮਾਰੀਆਂ ਸਨ। ਦਸੰਬਰ ਦੇ ਸ਼ੁਰੂ ਵਿਚ ਆਪਣੀ ਜ਼ੀਰੋ-ਕੋਵਿਡ ਨੀਤੀ ਨੂੰ ਖਤਮ ਕਰਨ ਤੋਂ ਬਾਅਦ, ਚੀਨ 'ਤੇ ਵਾਇਰਸ ਨਾਲ ਮਰਨ ਵਾਲਿਆਂ ਦੀ ਗਿਣਤੀ ਨੂੰ ਘੱਟ ਕਰਨ ਦਾ ਦੋਸ਼ ਲਗਾਇਆ ਗਿਆ ਸੀ।

ਸ਼ਨੀਵਾਰ ਨੂੰ ਚੀਨੀ ਸਿਹਤ ਅਧਿਕਾਰੀਆਂ ਨੇ ਕਿਹਾ ਕਿ ਮਰਨ ਵਾਲਿਆਂ ਦੀ ਔਸਤ ਉਮਰ 80.3 ਸਾਲ ਸੀ, ਜਿਸ ਵਿਚ 65 ਸਾਲ ਤੋਂ ਵੱਧ ਉਮਰ ਦੇ 90 ਪ੍ਰਤੀਸਤ ਤੋਂ ਵੱਧ ਲੋਕ ਸ਼ਾਮਲ ਹਨ। ਮਰਨ ਵਾਲੇ ਜ਼ਿਆਦਾਤਰ ਲੋਕ ਹੋਰ ਬਿਮਾਰੀਆਂ ਤੋਂ ਵੀ ਪੀੜਤ ਸਨ। ਚੀਨ ਵਿਚ 60 ਸਾਲ ਤੋਂ ਵੱਧ ਉਮਰ ਦੇ ਲੱਖਾਂ ਲੋਕਾਂ ਦਾ ਟੀਕਾਕਰਨ ਨਹੀਂ ਕੀਤਾ ਗਿਆ ਹੈ।

# ਬਿਜਲੀ ਸੰਬੰਧੀ ਸ਼ਿਕਾਇਤਾਂ ਦੇ ਹੱਲ ਲਈ ਈਟੀਓ ਵੱਲੋਂ ਵਟਸਐਪ ਨੰਬਰ ਜਾਰੀ



ਅੰਮ੍ਰਿਤਸਰ, 15 ਜਨਵਰੀ (ਪੋਸਟ ਬਿਊਰੋ) - ਹਰਭਜਨ ਸਿੰਘ ਈ:ਟੀ:ਓ ਲੋਕ ਨਿਰਮਾਣ ਤੇ ਬਿਜਲੀ ਮੰਤਰੀ ਪੰਜਾਬ ਨੇ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦੇ ਲਗਭਗ 96 ਲੱਖ ਖਪਤਕਾਰਾਂ ਨੂੰ ਬਿਹਤਰ ਸੇਵਾਵਾਂ ਮੁਹੱਈਆਂ ਕਰਵਾਉਣ ਦੇ ਇਰਾਦੇ ਨਾਲ ਵਟਸਐਪ ਨੰਬਰ ਜਾਰੀ ਕੀਤਾ ਹੈ, ਜਿਸ ਉਤੇ ਆਈ ਸ਼ਿਕਾਇਤ ਦਾ ਹੱਲ ਵਿਭਾਗ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਦੱਸਿਆ ਕਿ ਗਰਮੀਆਂ ਦੇ ਮੌਸਮ ਦੌਰਾਨ ਬਿਜਲੀ ਦੀ ਮੰਗ ਵਧਣ ਕਾਰਨ ਸਪਲਾਈ ਸੰਬੰਧੀ ਸ਼ਿਕਾਇਤਾਂ ਵੀ ਵਧ ਜਾਂਦੀਆਂ ਹਨ। ਖਪਤਕਾਰਾਂ ਦੀਆਂ ਸਪਲਾਈ ਸੰਬੰਧੀ ਸ਼ਿਕਾਇਤਾਂ ਨੂੰ ਹੱਲ ਕਰਨ ਲਈ ਕਾਰਪੋਰੇਸ਼ਨ ਕੋਲ 24x7 ਸ਼ਿਫਟਾਂ ਵਿੱਚ ਕੰਮ ਕਰਨ ਵਾਲਾ ਮਿਹਨਤੀ ਸਟਾਫ਼ ਉਪਲੱਬਧ ਹੈ।

ਈਟੀਓ ਨੇ ਕਿਹਾ ਕਿ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦਾ ਇੱਕ ਸਿੰਗਲ ਸਮਰਪਿਤ ਟੋਲ ਫਰੀ ਨੰਬਰ 1912 ਦਾ ਇਕ ਮਜਬੂਤ ਕਸਟਮਰ ਕੇਅਰ ਸਿਸਟਮ ਹੈ। '1912' ਤੇ ਕੀਤੀਆਂ ਗਈਆਂ ਕਾਲਾਂ ਲੁਧਿਆਣਾ ਵਿਖੇ ਸਥਿਤ 120 ਸੀਟਾਂ ਵਾਲੇ ਕਾਲ ਸੈਂਟਰ ਤੇ ਦਰਜ ਕੀਤੀਆਂ ਜਾਂਦੀਆਂ ਹਨ। ਖਪਤਕਾਰਾਂ ਕੋਲ ਪਹਿਲਾਂ ਹੀ ਸ਼ਿਕਾਇਤਾਂ ਦਰਜ ਕਰਨ ਲਈ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮਟਿਡ ਦਾ ਸਿੰਗਲ ਸਮਰਪਿਤ ਟੋਲ ਫਰੀ ਨੰਬਰ 1912 ਤੇ ਕਾਲ ਕਰਨਾ ਜਾਂ 1912 ਤੇ "No Supply", 1800-180-1512 ਤੇ ਮਿਸਡ ਕਾਲ, Andriod ਅਤੇ ਮੋਬ-ਾਇਲ ਫੋਨਾਂ ਲਈ ਮੋਬਾਇਲ ਐਪ ਦਾ ਵਿਕਲਪ ਹੈ।

ਖਪਤਕਾਰ ਸੇਵਾਵਾਂ ਦੇ ਵਧਾਉਣ ਦੇ ਯਤਨ ਵਿੱਚ, ਪੀ।ਐਸ।ਪੀ।ਸੀ।ਐਲ। ਦੁਆਰਾ ਗਾਹਕਾਂ ਲਈ ਵਟਸਐਪ ਰਾਹੀਂ ਸ਼ਿਕਾਇਤਾਂ ਦਰਜ ਕਰਨ ਦੀ ਇੱਕ ਨਵੀਂ ਸਹੂਲਤ ਉਪਲੱਬਧ ਕਰਵਾਈ ਗਈ ਹੈ। ਖਪਤਕਾਰ ਵਟਸਐਪ ਨੰਬਰ 9646101912 ਤੇ ਕੀ-ਵਰਡ "No Supply" ਭੇਜ ਕੇ ਨੋ ਸਪਲਾਈ ਦੀਆਂ ਸ਼ਿਕਾਇਤਾਂ ਦਰਜ ਕਰਵਾ ਸਕਦੇ ਹਨ। ਸ਼ਿਕਾਇਤਕਰਤਾ ਦੇ ਮੋਬਾਇਲ ਨੰਬਰ ਤੋਂ ਆਖਰੀ ਦਰਜ ਕੀਤੀ ਗਈ ਸ਼ਿਕਾਇਤ ਦੇ ਪਤੇ ਤੇ ਹੀ ਸ਼ਿਕਾਇਤ ਦਰਜ ਕੀਤੀ ਜਾਵੇਗੀ। ਜੇਕਰ ਖਪਤਕਾਰ ਦਾ ਮੋਬਾਈਲ ਨੰਬਰ ਪੀ।ਐਸ।ਪੀ।ਸੀ।ਐਲ। ਕੋਲ ਰਜਿਸਟਰਡ ਨਹੀਂ ਹੈ, ਤਾਂ ਉਨ੍ਹਾਂ ਨੂੰ ਕਿਸੇ ਹੋਰ ਵਿਕਲਪ ਰਾਹੀਂ ਆਪਣੀ ਸ਼ਿਕਾਇਤ ਦਰਜ ਕਰਵਾਉਣ ਲਈ ਮੈਸੇਜ ਭੇਜਿਆ ਜਾਵੇਗਾ। ਇੱਕ ਵਾਰ ਉਸ ਮੋਬਾਈਲ ਤੋਂ ਸ਼ਿਕਾਇਤ ਦਰਜ ਹੋਣ ਤੇ, ਉਪਭੋਗਤਾ ਆਪਣੇ ਆਪ ਪੀਐਸਪੀਸੀਐਲ 1912 ਕਸਟਮਰ ਰਿਲੇਸ਼ਨਸ਼ਿਪ ਮਨੇਜਮੈਂਟ ਸਿਸਟਮ ਨਾਲ ਰਜਿਸਟਰ ਹੋ ਜਾਵੇਗਾ ਅਤੇ ਫਿਰ ਉਪਰੋਕਤ ਵਟਸਐਪ ਨੰਬਰ ਰਾਹੀਂ ਸ਼ਿਕਾਇਤ ਦਰਜ ਕਰਵਾ ਸਕੇਗਾ।

ਸ਼ਿਕਾਇਤ ਦੇ ਨਿਪਟਾਰੇ ਸੰਬੰਧੀ ਐਸਐਮਐਸ ਅਤੇ ਆਈਵੀਆਰਐਸ ਸਿਸਟਮ ਰਾਹੀਂ ਫੀਡਬੈਕ ਸੇਵਾ ਵੀ ਮੌਜੂਦ ਹੈ। ਉਨ੍ਹਾਂ ਕਿਹਾ ਕਿ ਪੀਐਸਪੀਸੀਐਲ ਖਪਤਕਾਰਾਂ ਨੂੰ ਇਮਾਨਦਾਰ ਫੀਡਬੈਕ ਸਾਂਝਾ ਕਰਨ ਦੀ ਅਪੀਲ ਕਰਦਾ ਹੈ ਅਤੇ ਜੇਕਰ ਉਹ ਆਪਣੀਆਂ ਸ਼ਿਕਾਇਤਾਂ ਦੇ ਨਿਪਟਾਰੇ ਤੋਂ ਸੰਤੁਸ਼ਟ ਨਹੀਂ ਹਨ, ਤਾਂ ਉਹ ਸ਼ਿਕਾਇਤਾਂ ਦੇ ਨਿਪਟਾਰੇ ਲਈ 1912 ਤੇ ਆਪਣੀ ਟਿੱਪਣੀ ਲਿਖ ਕੇ ਐਸਐਮਐਸ ਭੇਜ ਸਕਦੇ ਹਨ।

# ਦਿੱਲੀ-ਐਨਸੀਆਰ 'ਚ ਕੱਲ੍ਹ ਤੋਂ ਸ਼ੀਤ ਲਹਿਰ ਦੀ ਸੰਭਾਵਨਾ, ਰਾਜਸਥਾਨ ਦੇ ਕਈ ਸ਼ਹਿਰਾਂ ਵਿਚ ਤਾਪਮਾਨ ਹੋਇਆ ਮਾਈਨਸ





ਨਵੀਂ ਦਿੱਲੀ, 15 ਜਨਵਰੀ (ਪੋਸਟ ਬਿਊਰੋ) - ਉੱਤਰ ਭਾਰਤ 'ਚ ਇਨ੍ਹੀਂ ਦਿਨੀਂ ਕੜਾਕੇ ਦੀ ਠੰਢ ਪੈ ਰਹੀ ਹੈ। ਰਾਜਸਥਾਨ ਦੇ ਕਈ ਸ਼ਹਿਰਾਂ ਵਿਚ ਜਿੱਥੇ ਪਾਰਾ ਮਾਈਨਸ ਤੱਕ ਪਹੁੰਚ ਗਿਆ ਹੈ, ਉੱਥੇ ਹੀ ਹਰਿਆਣਾ ਅਤੇ ਪੰਜਾਬ ਵਿਚ ਵੀ ਠੰਢ ਕਾਰਨ ਲੋਕਾਂ ਦੀ ਹਾਲਤ ਖਰਾਬ ਹੋ ਰਹੀ ਹੈ। ਇਸ ਦੇ ਨਾਲ ਹੀ, ਸੋਮਵਾਰ ਤੋਂ ਦਿੱਲੀ-ਐਨਸੀਆਰ ਵਿੱਚ ਸ਼ੀਤ ਲਹਿਰ ਦੀ ਸੰਭਾਵਨਾ ਹੈ ਅਤੇ ਘੱਟੋ ਘੱਟ ਤਾਪਮਾਨ ਲਗਭਗ ਤਿੰਨ ਡਿਗਰੀ ਸੈਲਸੀਅਸ ਤੱਕ ਡਿੱਗ ਜਾਵੇਗਾ।

ਮੌਸਮ ਵਿਭਾਗ ਮੁਤਾਬਕ 16 ਜਨਵਰੀ ਤੋਂ 18 ਜਨਵਰੀ ਦਰਮਿਆਨ ਦਿੱਲੀ-ਐਨਸੀਆਰ ਵਿੱਚ ਸ਼ੀਤ ਲਹਿਰ ਰਹੇਗੀ। ਅਯਾਨਗਰ ਅਤੇ ਰਿਜ ਖੇਤਰਾਂ 'ਚ ਮੰਗਲਵਾਰ ਅਤੇ ਬੁੱਧਵਾਰ ਨੂੰ ਘੱਟੋ-ਘੱਟ ਤਾਪਮਾਨ ਤਿੰਨ ਡਿਗਰੀ ਸੈਲਸੀਅਸ ਦੇ ਆਸ-ਪਾਸ ਰਹਿ ਸਕਦਾ ਹੈ।

ਆਈਐਮਡੀ ਦੇ ਇਕ ਅਧਿਕਾਰੀ ਦੇ ਅਨੁਸਾਰ, ਉੱਤਰੀ ਅਤੇ ਉੱਤਰ-ਪੱਛਮੀ ਭਾਰਤ ਦੇ ਵੱਡੇ ਹਿੱਸਿਆਂ ਵਿਚ ਇਸ ਮਹੀਨੇ ਦੇ ਜਿਆਦਾਤਰ ਦਿਨਾਂ ਲਈ ਆਮ ਵੱਧ ਤੋਂ ਵੱਧ ਅਤੇ ਘੱਟੋ-ਘੱਟ ਤਾਪਮਾਨ ਤੋਂ ਘੱਟ ਤਾਪਮਾਨ ਦਰਜ ਕੀਤਾ ਗਿਆ, ਇਸ ਤੋਂ ਪਹਿਲਾਂ ਕਿ ਪੱਛਮੀ ਡਿਸਟਰਬੈਂਸ ਨੇ ਠੰਢ ਤੋਂ ਰਾਹਤ ਦਿੱਤੀ। ਵੱਧ ਤੋਂ ਵੱਧ ਅਤੇ ਘੱਟੋ-ਘੱਟ ਤਾਪਮਾਨ ਵਿੱਚ ਇਹ ਗਿਰਾਵਟ ਪਿਛਲੇ 10 ਤੋਂ 11 ਦਿਨਾਂ ਤੋਂ ਇੰਡੋ-ਗੰਗਾ ਦੇ ਮੈਦਾਨਾਂ ਵਿੱਚ ਸੰਘਣੀ ਧੁੰਦ ਦੀ ਪਰਤ ਅਤੇ ਦੋ ਪੱਛਮੀ ਡਿਸਟਰਬੈਂਸ ਵਿਚਕਾਰ ਇਕ ਵੱਡੇ ਪਾੜੇ ਦੇ ਕਾਰਨ ਸੀ, ਜਿਸ ਨਾਲ ਬਰਫ ਨਾਲ ਢਕੇ ਪਹਾੜਾਂ ਤੋਂ ਆਮ ਨਾਲੋਂ ਠੰਡੀਆਂ ਹਵਾਵਾਂ ਆਈਆਂ। ਮੌਸਮ ਵਿਭਾਗ ਦੇ ਅਧਿਕਾਰੀ ਨੇ ਕਿਹਾ ਕਿ ਭਾਰਤ-ਗੰਗਾ ਦੇ ਮੈਦਾਨੀ ਖੇਤਰਾਂ ਵਿੱਚ ਵੱਡੀ ਗਿਣਤੀ ਵਿੱਚ ਜਲ ਸਰੋਤ ਅਤੇ ਨਦੀਆਂ ਹੋਣ ਕਾਰਨ ਨਮੀ ਬਹੁਤ ਜ਼ਿਆਦਾ ਹੈ। ਪੱਛਮੀ ਡਿਸਟਰਬੈਂਸ ਦੇ ਪਿੱਛੇ ਹਟਣ ਤੋਂ ਬਾਅਦ, ਠੰਢੀਆਂ ਉੱਤਰ-ਪੱਛਮੀ ਹਵਾਵਾਂ ਮੈਦਾਨੀ ਇਲਾਕਿਆਂ ਵੱਲ ਵਗਣ ਲੱਗ ਜਾਣਗੀਆਂ।

# ਦਾਵੋਸ ਕਾਨਫਰੰਸ ਵਿਚ ਸ਼ਾਮਲ ਹੋਣਗੇ ਦੁਨੀਆ ਭਰ ਦੇ ਦਿੱਗਜ ਦੇਸ਼, ਭਾਰਤ ਦੀ ਵੀ ਹੋਵੇਗੀ ਅਹਿਮ ਹਿੱਸੇਦਾਰੀ




ਦਾਵੋਸ, 15 ਜਨਵਰੀ (ਪੋਸਟ ਬਿਊਰੋ) - ਸਵਿਟਜ਼ਰਲੈਂਡ ਦੇ ਬਰਫੀਲੇ ਸ਼ਹਿਰ ਦਾਵੋਸ ਵਿਚ ਸ਼ੁੱਕਰਵਾਰ ਤੋਂ ਵਿਸ਼ਵ ਨੇਤਾਵਾਂ ਦਾ ਇਕ ਵੱਡਾ ਇਕੱਠ ਸ਼ੁਰੂ ਹੋ ਰਿਹਾ ਹੈ, ਜਿਸ ਵਿਚ ਭਾਰਤ ਦੇ ਸੌ ਦੇ ਕਰੀਬ ਲੋਕਾਂ ਸਮੇਤ ਹਜਾਰਾਂ ਡੈਲੀਗੇਟ 'ਖੰਡਿਤ ਦੁਨੀਆ ਵਿਚ ਸਹਿਯੋਗ' ਵਿਸ਼ੇ 'ਤੇ ਚਰਚਾ ਕਰਨਗੇ।

ਵਰਲਡ ਇਕਨਾਮਿਕ ਫੋਰਮ (ਡਬਲਯੂਈਐੱਫ) ਦੀ ਆਖਰੀ ਸਾਲਾਨਾ ਬੈਠਕ ਪਿਛਲੇ ਸਾਲ ਮਈ ਵਿਚ ਹੋਣੀ ਸੀ। ਦਾਵੋਸ ਸੰਮੇਲਨ ਆਮ ਤੌਰ 'ਤੇ ਜਨਵਰੀ ਵਿਚ ਹੁੰਦਾ ਹੈ ਪਰ ਕੋਵਿਡ-19 ਮਹਾਮਾਰੀ ਨਾਲ ਜੁੜੀਆਂ ਪਾਬੰਦੀਆਂ ਕਾਰਨ ਇਹ ਨਹੀਂ ਹੋ ਸਕਿਆ। ਇਸ ਤੋਂ ਪਹਿਲਾਂ ਸਾਲ 2021 ਦੀ ਮੀਟਿੰਗ ਵੀ ਆਨਲਾਈਨ ਹੋਈ ਸੀ।

ਸਿਹਤ ਸੰਕਟ, ਭੂ-ਰਾਜਨੀਤਿਕ ਸਥਿਤੀ ਦੇ ਆਰਥਿਕ ਗਿਰਾਵਟ ਦੇ ਨਾਲ, ਯੂਕਰੇਨ ਵਿਚ ਜੰਗ ਜਾਰੀ ਰਹਿਣ ਅਤੇ ਮਹਾਂਮਾਰੀ ਨਾਲ ਸਬੰਧਤ ਕੁਝ ਪਾਬੰਦੀਆਂ ਨੇ ਇਸ ਵਾਰ ਦੀ ਦਾਵੋਸ ਮੀਟਿੰਗ ਨੂੰ ਕਾਫੀ ਦਿਲਚਸਪ ਬਣਾ ਦਿੱਤਾ ਹੈ।

ਅਗਲੇ ਪੰਜ ਦਿਨਾਂ ਵਿਚ ਸੋਮਵਾਰ ਤੋਂ ਸੁਰੂ ਹੋਣ ਵਾਲੀ ਬੈਠਕ 'ਚ ਲਗਭਗ 50 ਸਰਕਾਰਾਂ ਅਤੇ ਰਾਜਾਂ ਦੇ ਮੁਖੀਆਂ ਦੇ ਸ਼ਾਮਲ ਹੋਣ ਦੀ ਉਮੀਦ ਹੈ। ਭਾਰਤੀ ਪੱਖ ਤੋਂ ਚਾਰ ਕੇਂਦਰੀ ਮੰਤਰੀਆਂ- ਮਨਸੁਖ ਮਾਂਡਵੀਆ, ਅਸ਼ਵਿਨੀ ਵੈਸ਼ਨਵ, ਸਮ੍ਰਿਤੀ ਇਰਾਨੀ ਅਤੇ ਆਰ ਕੇ ਸਿੰਘ ਤੋਂ ਇਲਾਵਾ ਮਹਾਰਾਸਟਰ ਦੇ ਮੁੱਖ ਮੰਤਰੀ ਏਕਨਾਥ ਸ਼ਿੰਦੇ ਵੀ ਇਸ ਵਿਚ ਹਿੱਸਾ ਲੈਣਗੇ। ਇਸ ਵਿੱਚ ਕਈ ਅਧਿਕਾਰੀ ਅਤੇ ਕਾਰੋਬਾਰੀ ਉੱਦਮੀ ਵੀ ਮੌਜੂਦ ਰਹਿਣਗੇ।

# ਪਾਕਿਸਤਾਨ ਵਿਚ ਅਨਾਜ ਸੰਕਟ ਗਹਿਰਾਇਆ, ਲੋਕ ਕਰ ਰਹੇ ਅਨਾਜ ਨਾਲ ਭਰੇ ਟਰੱਕਾਂ ਦਾ ਪਿੱਛਾ

ਇਸਲਾਮਾਬਾਦ, 15 ਜਨਵਰੀ (ਪੋਸਟ ਬਿਊਰੋ) - ਪਾਕਿਸਤਾਨ ਦੀ ਇਕ ਵੀਡੀਓ ਵਾਇਰਲ ਹੋ ਰਹੀ ਹੈ, ਜਿਸ ਵਿਚ ਉੱਥੇ ਡੂੰਘੇ ਹੋ ਰਿਹਾ ਭੋਜਨ ਸੰਕਟ ਦਿਖਾਇਆ ਗਿਆ ਹੈ। ਇਸ ਵੀਡੀਓ ਵਿਚ ਦੋਪਹੀਆ ਵਾਹਨਾਂ 'ਤੇ ਸਵਾਰ ਲੋਕਾਂ ਦਾ ਇਕ ਸਮੂਹ ਵਾਹਨ ਦਾ ਪਿੱਛਾ ਕਰਦਾ ਦਿਖਾਈ ਦੇ ਰਿਹਾ ਹੈ। ਇਸ ਵੀਡੀਓ ਨੂੰ ਸੋਸ਼ਲ ਮੀਡੀਆ 'ਤੇ ਕਾਫੀ ਸ਼ੇਅਰ ਕੀਤਾ ਜਾ ਰਿਹਾ ਹੈ। ਨੈਸ਼ਨਲ ਇਕਵਾਲਿਟੀ ਪਾਰਟੀ ਜੇਕੇਜੀਬੀਐਲ ਦੇ ਚੇਅਰਮੈਨ ਪ੍ਰੋਫੈਸਰ ਸੱਜਾਦ ਰਾਜਾ ਨੇ ਟਵਿੱਟਰ 'ਤੇ ਵੀਡੀਓ ਸ਼ੇਅਰ ਕਰਦੇ ਹੋਏ ਕਿਹਾ ਕਿ ਲੋਕ ਕਣਕ ਲੈ ਕੇ ਜਾ ਰਹੇ ਟਰੱਕ ਦਾ ਪਿੱਛਾ ਕਰ ਰਹੇ ਹਨ।

ਉਨ੍ਹਾਂ ਟਵੀਟ ਵਿੱਚ ਲਿਖਿਆ, "ਇਹ ਕੋਈ ਮੋਟਰਸਾਈਕਲ ਰੈਲੀ ਨਹੀਂ ਹੈ, ਪਾਕਿਸਤਾਨ ਵਿਚ ਲੋਕ ਆਟਾ ਲੈ ਕੇ ਜਾ ਰਹੇ ਇੱਕ ਟਰੱਕ ਦਾ ਪਿੱਛਾ ਕਰ ਰਹੇ ਹਨ। ਇਹ ਲੋਕ ਆਟੇ ਦੇ ਇਕ ਟਰੱਕ ਦਾ ਪਿੱਛਾ ਕਰ ਰਹੇ ਹਨ। ਜੰਮੂ-ਕਸਮੀਰ ਦੇ ਲੋਕਾਂ ਨੂੰ ਆਪਣੀਆਂ ਅੱਖਾਂ ਖੋਲ੍ਹਣੀਆਂ ਚਾਹੀਦੀਆਂ ਹਨ। ਖੁਸਕਿਸਮਤ ਹਨ ਕਿ ਪਾਕਿਸਤਾਨੀ ਨਹੀਂ ਹਨ ਅਤੇ ਆਪਣੇ ਭਵਿੱਖ ਬਾਰੇ ਫੈਸਲਾ ਕਰਨ ਲਈ ਆਜਾਦ ਹਨ। ਕੀ ਉਨ੍ਹਾਂ ਨਾਲ ਕੋਈ ਭਵਿੱਖ ਹੈ।'

ਵੀਡੀਓ 'ਚ ਦੇਖਿਆ ਜਾ ਸਕਦਾ ਹੈ ਕਿ ਜਿਵੇਂ ਹੀ ਟਰੱਕ ਰੁਕਦਾ ਹੈ ਤਾਂ ਬਾਈਕ ਸਵਾਰ ਨੋਟ ਲਹਿਰਾਉਂਦੇ ਹੋਏ ਟਰੱਕ ਵੱਲ ਭੱਜਦੇ ਹਨ। ਇੱਕ ਨੌਜਵਾਨ ਆਟੇ ਦਾ ਥੈਲਾ ਲੈਣ ਵਿੱਚ ਕਾਮਯਾਬ ਹੋ ਗਿਆ, ਜਿਸ ਤੋਂ ਬਾਅਦ ਟਰੱਕ ਨੂੰ ਤੁਰੰਤ ਹੋਰ ਲੋਕਾਂ ਨੇ ਘੇਰ ਲਿਆ।

ਪਾਕਿਸਤਾਨ ਅਨਾਜ ਸੰਕਟ ਦਾ ਬਹੁਤ ਬੁਰੀ ਤਰ੍ਹਾਂ ਸਾਹਮਣਾ ਕਰ ਰਿਹਾ ਹੈ। ਸਥਾਨਕ ਮੀਡੀਆ ਰਿਪੋਰਟਾਂ ਅਨੁਸਾਰ ਦੇਸ ਦੇ ਕਈ ਹਿੱਸਿਆਂ ਵਿੱਚ ਕਣਕ ਦੇ ਆਟੇ ਦੀ ਭਾਰੀ ਕਮੀ ਹੈ। ਪਿਛਲੇ ਹਫਤੇ ਤੋਂ, ਖੈਬਰ ਪਖਤੂਨਖਵਾ, ਸਿੰਧ ਅਤੇ ਬਲੋਚਿਸਤਾਨ ਸੂਬਿਆਂ ਵਿੱਚ ਆਟੇ ਦੀਆਂ ਕੀਮਤਾਂ ਅਸਮਾਨ ਨੂੰ ਛੂਹ ਗਈਆਂ ਹਨ। ਆਟੇ ਦਾ ਇੱਕ ਪੈਕੇਟ 3000 ਪਾਕਿਸਤਾਨੀ ਰੁਪਏ ਵਿੱਚ ਵਿਕ ਰਿਹਾ ਹੈ।

# ਚੀਨ ਸਰਹੱਦ 'ਤੇ ਦੁਸ਼ਮਣ ਨਾਲ ਨਜਿੱਠਣ ਲਈ ਜੰਗੀ ਪੱਧਰ 'ਤੇ ਸੜਕਾਂ, ਪੁਲਾਂ ਤੇ ਸੁਰੰਗਾਂ ਬਣਾਉਣ 'ਚ ਜੁਟੀ ਬੀਆਰਓ



ਨਵੀਂ ਦਿੱਲੀ, 15 ਜਨਵਰੀ (ਪੋਸਟ ਬਿਊਰੋ) - ਇਨ੍ਹੀਂ ਦਿਨੀਂ ਬਾਰਡਰ ਰੋਡ ਆਰਗੇਨਾਈਜੇਸਨ (ਬੀਆਰਓ) ਅਰੁਣਾਚਲ ਪ੍ਰਦੇਸ਼ ਸਮੇਤ ਦੇਸ ਦੇ ਵੱਖ-ਵੱਖ ਹਿੱਸਿਆਂ ਵਿਚ ਸੁਰੰਗਾਂ, ਪੁਲਾਂ ਅਤੇ ਸੜਕਾਂ ਦਾ ਨਿਰਮਾਣ ਕਰ ਰਹੀ ਹੈ ਤਾਂ ਕਿ ਫੌਜ ਦੇ ਜਵਾਨ ਆਸਾਨੀ ਨਾਲ ਅਤੇ ਘੱਟ ਸਮੇਂ ਵਿਚ ਚੀਨ ਨਾਲ ਲੱਗਦੀ ਸਰਹੱਦ 'ਤੇ ਪਹੁੰਚ ਸਕਣ। ਜੰਗੀ ਪੱਧਰ 'ਤੇ ਕੰਮ ਚੱਲ ਰਿਹਾ ਹੈ। ਇਹੀ ਕਾਰਨ ਹੈ ਕਿ ਪਿਛਲੇ ਤਿੰਨ ਸਾਲਾਂ ਵਿੱਚ ਅੰਤਰਰਾਸਟਰੀ ਸਰਹੱਦ ਦੇ ਨਾਲ ਲੱਗਦੇ ਖੇਤਰਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ 'ਤੇ ਲਗਭਗ 1300 ਕਰੋੜ ਰੁਪਏ ਖਰਚ ਕੀਤੇ ਗਏ ਹਨ। ਤਵਾਂਗ, ਅਰੁਣਾਚਲ ਪ੍ਰਦੇਸ ਵਿੱਚ ਬਣਾਈ ਜਾ ਰਹੀ ਸੇਲਾ ਸੁਰੰਗ (ਸੁਰੰਗ) ਵੀ ਬਾਰਡਰ ਰੋਡ ਆਰਗੇਨਾਈਜੇਸਨ ਦੁਆਰਾ ਬਣਾਈ ਜਾ ਰਹੀ ਸੁਰੰਗਾਂ ਵਿੱਚੋਂ ਇੱਕ ਹੈ।

ਸਰਹੱਦੀ ਸੜਕਾਂ ਵੱਲ ਬਣਾਈ ਜਾ ਰਹੀ ਇਸ ਸੁਰੰਗ ਕਾਰਨ ਚੀਨ ਨਾਲ ਲੱਗਦੀ ਸਰਹੱਦ 'ਤੇ ਫੌਜ ਦੀ ਆਵਾਜਾਈ ਕਾਫੀ ਆਸਾਨ ਹੋ ਜਾਵੇਗੀ। ਦੋ ਕਿਲੋਮੀਟਰ ਤੋਂ ਵੱਧ ਲੰਬੀ ਇਹ ਸੁਰੰਗ ਹਰ ਮੌਸਮ ਵਿੱਚ ਵਰਤੀ ਜਾਵੇਗੀ। ਉਮੀਦ ਹੈ ਕਿ ਇਸ ਸੁਰੰਗ ਦਾ ਕੰਮ ਇਸ ਸਾਲ ਜੁਲਾਈ ਤੱਕ ਪੂਰਾ ਹੋ ਜਾਵੇਗਾ। ਸੇਲਾ ਸੁਰੰਗ ਵਾਂਗ ਨੇਚੀਫੂ ਸੁਰੰਗ ਦਾ ਕੰਮ ਵੀ ਤੇਜੀ ਨਾਲ ਚੱਲ ਰਿਹਾ ਹੈ। ਕਰੀਬ 500 ਮੀਟਰ ਲੰਬੀ ਇਹ ਸੁਰੰਗ 5700 ਫੁੱਟ ਦੀ ਉਚਾਈ 'ਤੇ ਹੈ। ਇਨ੍ਹਾਂ ਦੋ ਸੁਰੰਗਾਂ ਦੇ ਬਣਨ ਤੋਂ ਬਾਅਦ ਫੌਜ ਲਈ ਅਸਾਮ ਤੋਂ ਤਵਾਂਗ ਜਾਣਾ ਆਸਾਨ ਹੋ ਜਾਵੇਗਾ।

ਬੀਆਰਓ ਦੇ ਡੀਜੀ ਲੈਫਟੀਨੈਂਟ ਜਨਰਲ ਰਾਜੀਵ ਚੌਧਰੀ ਨੇ ਦੱਸਿਆ ਕਿ ਸੇਲਾ ਸੁਰੰਗ ਦੁਨੀਆ ਦੀ ਸਭ ਤੋਂ ਉੱਚੀ ਬਾਈ ਲਿੰਕ ਸੁਰੰਗ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਦਾ ਕੰਮ ਅਗਲੇ ਕੁਝ ਮਹੀਨਿਆਂ ਵਿੱਚ ਮੁਕੰਮਲ ਕਰ ਲਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਇਹ ਸੁਰੰਗ 13 ਹਜਾਰ ਫੁੱਟ ਦੀ ਉਚਾਈ 'ਤੇ ਸਥਿਤ ਹੈ। ਇਸ ਦੇ ਨਾਲ ਇੱਕ ਲੁਕਵੀਂ ਸੁਰੰਗ ਹੈ। ਅੱਜ ਸਾਡੀ ਟੀਮ ਲਗਭਗ 11 ਟਰਮੀਨਲਾਂ 'ਤੇ ਉਸਾਰੀ ਦਾ ਕੰਮ ਕਰ ਰਹੀ ਹੈ। ਤੁਹਾਨੂੰ ਦੱਸ ਦਈਏ ਕਿ ਬੀਆਰਓ ਨੇ ਪਿਛਲੇ 60 ਸਾਲਾਂ ਵਿੱਚ 4 ਸੁਰੰਗਾਂ ਬਣਾਈਆਂ ਹਨ। ਜਦੋਂ ਕਿ ਪਿਛਲੇ 2 ਸਾਲਾਂ ਵਿੱਚ 11 ਸੁਰੰਗਾਂ ਬਣਾਉਣ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਜਿਸ ਨੂੰ ਅਗਲੇ ਕੁਝ ਸਾਲਾਂ ਵਿਚ ਪੂਰਾ ਕਰ ਲਿਆ ਜਾਵੇਗਾ।


Urgently Need New Listings in Brampton/Caledon
visit: www.teamjagaujla.com
Call JAG AUJLA
MCNE, REAL ESTATE BROKER
DIR: 416-371-7777
j.aujla@rogers.com
www.jagaujla.com
Follow Us:
GUARANTEED
CALL JAG FOR A QUICK & FREE HOME EVALUATION
www BramptonTopRealtor.com
www BramptonTopAgent.com
URGENTLY NEED NEW LISTINGS IN THIS AREA
RECENTLY LISTED/SOLD IN YOUR NEIGHBOURHOOD BY JAG AUJLA
HOUSE FOR LEASE IN CALEDON
KENNEDY/ NEW HOUSE/ DOUGALL AVE.
2500-3000 sq feet ਦਾ Detached ਘਰ
$3,700/month (4 ਬੈਂਡਰੂਮ + 1 ਡੇਨ+ 4 ਵਾਸ਼ਰੂਮ)
ਮੇਨ ਫਲੋਰ ਤੇ 10 ਫੁੱਟ ਦੀ ਸੀਲੀਂਗ
2nd ਫਲੋਰ ਤੇ 9 ਫੁੱਟ ਦੀ ਸੀਲੀਂਗ
ਪੂਰਾ ਘਰ $4700/month with unfurnished ਬੇਸਮੈਂਟ
HWY 410, ਸਕੂਲ, ਬਸ ਸਟੋਪ ਅਤੇ ਪਲਾਜੇ ਦੇ ਨੇੜੇ
1ਸਾਲ ਦੀ Lease, Credit Report, Full Rental App.
First & Last month + Key Deposit
LISTED IN BRAMPTON
MAYFIELD / MCLAUGHLIN
Detached ਘਰ ਬਹੁਤ ਹੀ ਸੁੰਦਰ ਏਰੀਏ ਵਿੱਚ
3+1 ਬੈਂਡਰੂਮ + 4 ਵਾਸ਼ਰੂਮ
1 ਬੈਂਡਰੂਮ Legal Finished Basement with Seperate Entrance
9 ਫੁੱਟ ਦੀ ਸੀਲੀਂਗ
ਸਟੈਂਡਰਡ ਓਕ ਸਟੈਅਰ ਕੇਸ
ਮੇਨ ਕਮਰੇ ਵਿਚ ਸਟੇਨਡ ਹਾਰਡਵੁੱਡ
ਗ੍ਰੇਨਾਈਟ ਕਾਊਂਟਰਟੌਪਸ ਨਾਲ ਅਪਗ੍ਰੇਡ ਕੀਤੀ ਕਿਚਨ
ਮਾਸਟਰ ਬੈਂਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ
HWY 410, ਸਕੂਲ, ਬਸ ਸਟੋਪ ਅਤੇ ਪਲਾਜੇ ਦੇ ਨੇੜੇ
LISTED IN BRAMPTON
CASTLEMORE/ HUMBERWEST/AIRPORT
1500-2000 sq feet ਦਾ ਘਰ
3+1 ਬੈਂਡਰੂਮ + 4 ਵਾਸ਼ਰੂਮ + 2 ਕਿਚਨ with Legal Finished ਬੇਸਮੈਂਟ ਅਪਾਰਟਮੈਂਟ with Seperate Entrance
ਬੇਸਮੈਂਟ $1300 ਦੇ ਕਰਿਾਏ' ਤੇ ਦਿਤੀ ਹੈ
Extended ਡਰਾਈਵਵੇਅ
ਮਾਸਟਰ ਬੈਂਡਰੂਮ ਵਿਚ 4 ਪੀਸੀ ਐਨਸੁਏਟ ਅਤੇ ਵਾਕ ਇਨ ਅਲਮਾਰੀ
FREE
Full MLS Services
Consistently Marketing Your Property Until SOLD
Staging Consultation
Billboard, Flyer, Newspaper
Online Promotion
Professional Pictures and Virtual Tour
Social media & Radio Advertisement
Open House Until Sold
Competitive Rates, Exceptional Service & Award Winning Results
RE/MAX
Realty Specialists Inc. Brokerage
Off: 905-456-3232
Call JAG AUJLA DIR: 416-371-7777
MCNE, REAL ESTATE BROKER
NOT INTENDED TO SOLICIT BUYERS OR SELLER CURRENTLY UNDER CONTRACT
SEPTEMBER 2022


REXDALE BODY SHOP
USED CAR SALE
Specialization In:
All Kinds of Body Work
Auto Glass Windshield
Denting, Painting & Welding
SPECIAL PAINT JOB $779
RENTAL CAR PROVIDED
25 years of Canadian Experience
OPEN MON - SAT 9AM TO 7PM
ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
CHEEMA
LOWEST PRICE IN TOWN
Towing Service Car Paint Starts $799*upto 100% Deductible Paid*
Call Rick or Manminder Cheema: 416.749.9596 / 416.951.6431
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com


Tri-City
Professional Realty Inc., Brokerage.
The Future of Real Estate
www.TriCityPro.com
Number 1. Tri-City agent in Canada on basis of sales volume 2021
ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 36 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ
NEED MORE LISTINGS
Free Evaluation of your Property
Special Packages for First Time Buyer
Arrangement of Low Mortgage rate Lawyer
Arrangement of Home Inspection
Avtar Singh Tiwana
Sales Representative
Tel: 905.793.5777
416.802.5866
31 Melanie Dr. Unit #4 Brampton, ON L6T 5H8
SOLD
$1,399,999
CASTLEMORE/GOREWAY
SOLD
$1,749,900
8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866
SOLD
$1,950,000
26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਦ ਇਨਸੂਟ ਅਤੇ ਵਾਕਇਨ ਕਲਾਜ਼ਿਟ, ਮਾਡਰਨ ਕਿਚਨ ਗ੍ਰੇਨਾਈਟ ਕਉਂਟਰ ਟਾਪ ਦੇ ਨਾਲ। 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਵਿਦ ਸੈਪਰੇਟ ਐਂਟਰੇਂਸ, 6 ਵਾਸ਼ਰੂਮ, 2 ਫਰਿਜ, 2 ਸਟੋਵ, ਦੂਸਰੀ ਮੰਜਲ ਉਤੇ ਲਾਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ


ORDER ONLINE TODAY !!!
WWW.ASIANFOODCENTRE.COM
FREE PICK UP!!!
HOME DELIVERY ALSO AVAILABLE !!!
afc
ASIAN FOOD CENTRE
VEGETARIAN FOOD
HEALTHY EATING
FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas
SERVING FROM ALL LOCATIONS IN GTA AREA:
10 Westmore Drive
Etobicoke ON M9V-3Z7
416-740-3262
21 Lacoste Blvd,
Brampton, ON L6P 2K2
905 794-8109
621 Wanless drive, # 122
Brampton ON L7A 0A9
905-495-3336
1075 Ceremonial Drive
Mississauga ON L5R 2Z4
905-502-1600
80 Pertosa Drive
Brampton ON L5X-5E9
905-460-0009
10510 Torbram Road,
Brampton
905-790-0030
2120 North park Drive
Brampton ON L6S 0C9
905-793-1338
10 Pannahill Dr,
Brampton
905 913-8017